ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

# ਸਾਂਝੀ ਸੋਚ
SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-11 ISSUE 1759 | 2 June, 2024 Sunday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ਼ ਦੁਨੀਆਂ | +1 (209) 303-1260



Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511


# ਐਗਜ਼ਿਟ ਪੋਲਾਂ ਦੇ ਨਿਚੋੜ ਨੇ ਕਰ ਦਿੱਤੀ ਲੋਕ ਸਭਾ ਚੋਣਾਂ ਦੇ ਨਤੀਜਿਆਂ ਦੀ ਤਸਵੀਰ ਸਾਫ਼


ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ


ਲੋਕ ਸਭਾ ਚੋਣਾਂ ਦੇ ਨਤੀਜਿਆਂ ਤੋਂ ਪਹਿਲਾਂ ਕਈ ਐਗਜ਼ਿਟ ਪੋਲ ਵਿੱਚ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੇ ਕੌਮੀ ਜਮਹੂਰੀ ਗੱਠਜੋੜ (ਐਨਡੀਏ) ਨੂੰ ਭਾਰੀ ਬਹੁਮਤ ਮਿਲਣ ਦਾ ਅਨੁਮਾਨ ਲਾਇਆ ਗਿਆ ਹੈ। ਇਨ੍ਹਾਂ ਐਗਜ਼ਿਟ ਪੋਲ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਤੀਜੀ ਵਾਰ ਸੱਤਾ 'ਚ ਆਉਣ ਦੀ ਭਵਿੱਖਬਾਣੀ ਵੀ ਕੀਤੀ ਗਈ ਹੈ।

ਐਗਜ਼ਿਟ ਪੋਲ ਮੁਤਾਬਕ ਸੱਤਾਧਾਰੀ ਗੱਠਜੋੜ ਐਨਡੀਏ ਇਸ ਵਾਰ ਤਾਮਿਲਨਾਡੂ ਤੇ ਕੇਰਲ ਵਿੱਚ ਖਾਤਾ ਖੋਲ੍ਹ ਸਕਦਾ ਤੇ ਕਰਨਾਟਕ 'ਚ ਹੂੰਝਾ ਫੇਰ ਜਿੱਤ ਪ੍ਰਾਪਤ ਕਰੇਗਾ ਪਰ ਬਿਹਾਰ, ਰਾਜਸਥਾਨ ਤੇ ਹਰਿਆਣਾ ਵਰਗੇ ਸੂਬਿਆਂ 'ਚ ਇਸ ਦੀਆਂ ਸੀਟਾਂ ਦੀ ਗਿਣਤੀ ਘਟ ਸਕਦੀ ਹੈ। ਏਬੀਪੀ-ਸੀ ਵੋਟਰ ਵੱਲੋਂ ਭਾਜਪਾ ਦੀ ਅਗਵਾਈ ਵਾਲੇ ਐਨਡੀਏ ਗੱਠਜੋੜ ਨੂੰ 353 ਤੋਂ 383 ਤੱਕ ਸੀਟਾਂ ਤੇ ਵਿਰੋਧੀ ਪਾਰਟੀਆਂ ਦੇ ਗੱਠਜੋੜ 'ਇੰਡੀਆ' ਨੂੰ 152 ਤੋਂ 182 ਸੀਟਾਂ ਮਿਲਣ ਦੀ ਭਵਿੱਖਬਾਣੀ ਕੀਤੀ ਗਈ ਹੈ। ਟੂਡੇਜ਼ ਚਾਣਕਿਆ ਨੇ ਭਾਜਪਾ ਨੂੰ 335 ਸੀਟਾਂ ਤੇ ਐਨਡੀਏ ਨੂੰ 400 ਸੀਟਾਂ ਦਿੱਤੀਆਂ ਹਨ। ਇਸ ਗਿਣਤੀ ਵਿੱਚ 15 ਸੀਟਾਂ ਘਟਣ ਜਾਂ ਵਧਣ ਦੀ ਗੱਲ ਵੀ ਆਖੀ ਗਈ ਹੈ। ਇਸ ਤੋਂ ਇਲਾਵਾ 'ਇੰਡੀਆ' ਗੱਠਜੋੜ ਨੂੰ 107 ਸੀਟਾਂ ਦਿੱਤੀਆਂ ਗਈਆਂ ਹਨ ਤੇ ਇਹ ਗਿਣਤੀ 11 ਸੀਟਾਂ ਤੱਕ ਉੱਪਰ-ਥੱਲੇ ਹੋ ਸਕਦੀ ਹੈ। ਰਿਪਬਲਿਕ ਟੀਵੀ-ਪੀ ਮਾਰਕ ਦੇ ਸਰਵੇਖਣ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਲੋਕ ਸਭਾ ਦੀਆਂ ਕੁੱਲ 543 ਸੀਟਾਂ 'ਚੋਂ ਸੱਤਾਧਾਰੀ ਗੱਠਜੋੜ ਐੱਨਡੀਏ 359 ਸੀਟਾਂ 'ਤੇ ਜਿੱਤ ਹਾਸਲ ਕਰੇਗਾ ਤੇ ਵਿਰੋਧੀ ਪਾਰਟੀਆਂ ਦੇ ਗੱਠਜੋੜ 'ਇੰਡੀਆ' ਨੂੰ 154 ਸੀਟਾਂ ਮਿਲਣਗੀਆਂ। ਰਿਪਬਲਿਕ ਟੀਵੀ-ਮੈਟ੍ਰਿਜ਼ ਦੇ ਐਗਜ਼ਿਟ ਪੋਲ ਵਿੱਚ ਐੱਨਡੀਏ ਨੂੰ 353-368 ਸੀਟਾਂ ਤੇ 'ਇੰਡੀਆ' ਗੱਠਜੋੜ ਨੂੰ 118-133 ਸੀਟਾਂ ਮਿਲਣ ਦਾ ਅਨੁਮਾਨ ਲਗਾਇਆ ਗਿਆ ਹੈ। ਜਨ ਕੀ ਬਾਤ ਦੇ ਸਰਵੇਖਣ ਵਿੱਚ ਐਨਡੀਏ ਨੂੰ 362-392 ਸੀਟਾਂ ਅਤੇ 'ਇੰਡੀਆ' ਗੱਠਜੋੜ ਨੂੰ 141-161 ਸੀਟਾਂ ਦਿੱਤੀਆਂ ਗਈਆਂ ਹਨ। ਇੰਡੀਆ ਟੀਵੀ-ਸੀਐੱਨਐਕਸ ਨੇ ਆਪਣੇ ਅਨੁਮਾਨ ਵਿੱਚ ਐੱਨਡੀਏ ਨੂੰ 371-401 ਅਤੇ 'ਇੰਡੀਆ' ਗੱਠਜੋੜ ਨੂੰ 109-139 ਸੀਟਾਂ ਦਿੱਤੀਆਂ ਹਨ। ਹਾਲਾਂਕਿ, ਨਿਊਜ਼ ਨੇਸ਼ਨ ਵੱਲੋਂ ਅਨੁਮਾਨ ਲਾਇਆ ਗਿਆ ਹੈ ਕਿ ਐਨਡੀਏ ਨੂੰ 342-378 ਤੇ 'ਇੰਡੀਆ' ਗੱਠਜੋੜ ਨੂੰ 153-169 ਸੀਟਾਂ ਮਿਲ ਸਕਦੀਆਂ ਹਨ। ਸਾਲ 2019 ਦੀਆਂ ਚੋਣਾਂ ਵਿੱਚ ਭਾਜਪਾ ਨੇ 303 ਸੀਟਾਂ ਜਿੱਤੀਆਂ ਸਨ ਜਦਕਿ ਐਨਡੀਏ ਦੀਆਂ ਸੀਟਾਂ ਦੀ ਗਿਣਤੀ 353 ਸੀ। ਕਾਂਗਰਸ ਨੂੰ 53 ਸੀਟਾਂ ਤੇ ਉਸ ਦੇ ਸਹਿਯੋਗੀਆਂ ਨੂੰ 38 ਸੀਟਾਂ ਮਿਲੀਆਂ ਸਨ।




Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

GINNY BEDI LAW PC
Immigration
Divorce
Custody and Support issues
Business Disputes
Living Trusts
Criminal Matters
Misdemeanors
DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN
Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
ਹੋਰ ਜਾਣਕਾਰੀ ਲਈ ਸੰਪਰਕ ਕਰੋ:
+1 (209) 303-1260 +91 81463-20009

Space available for Ad
Contact # +1 (209) 303-1260

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS





Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



Apply online at www.lendingassets.com and check out the live lowest rates on our website


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

**PATTRON**: HARJIT BASI

**MANAGEMENT**



**PRESIDENT & CHIEF EDITOR**
**BOOTA SINGH BASI**

**SUB EDITOR (CHICAGO, IL OFFICE)**
**LOVJYOT VIRDI**

**GENERAL MANAGER**
**RAVINDER SINGH DHILLON**

**RESIDENT EDITOR (INDIA)**
**DR. RAJINDER RIKHI**

**DISCLAIMER**

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

**SANJHI SOCH**

**DAILY NEWSPAPER**

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਇਨ੍ਹਾਂ ਚੋਣਾਂ ਨੇ ਸਾਬਤ ਕਰ ਦਿੱਤੈ ਕਿ ਚੋਣ ਕਮਿਸ਼ਨ ਬਿਨਾਂ ਵੀ ਭਾਰਤ ਦਾ ਕੰਮ ਚੱਲ ਸਕਦੈ

ਭਾਰਤ ਦੀ ਪਾਰਲੀਮੈਂਟ ਦੇ ਹੇਠਲੇ ਹਾਊਸ ਲੋਕ ਸਭਾ ਵਿੱਚ ਜਿਸ ਦੀ ਬਹੁ-ਗਿਣਤੀ ਹੋਵੇ, ਅਗਲੇ ਪੰਜ ਸਾਲ ਰਾਜ ਉਸ ਪਾਰਟੀ ਦਾ ਲੀਡਰ ਜਾਂ ਲੋੜ ਪਵੇ ਤਾਂ ਉਸ ਦੀ ਥਾਂ ਬਦਲਵਾਂ ਚੁਣਿਆ ਆਗੂ ਕਰ ਸਕਦਾ ਹੈ। ਜਿਹੜਾ ਕੋਈ ਇਸ ਨੂੰ ਚੁਣੌਤੀ ਦੇਣਾ ਚਾਹੇ, ਉਸ ਕੋਲ ਹੱਕ ਹੁੰਦਾ ਹੈ ਅਤੇ ਕਦੇ-ਕਦੇ ਇਹ ਚੁਣੌਤੀ ਸਰਕਾਰਾਂ ਬਦਲਣ ਜਾਂ ਜੇ ਏਦਾਂ ਨਾ ਸਰਦਾ ਹੋਵੇ ਤਾਂ ਨਵੀਂਆਂ ਚੋਣਾਂ ਕਰਵਾਉਣ ਦਾ ਸਬੱਬ ਪੈਦਾ ਕਰਨ ਤੱਕ ਲੈ ਜਾਂਦੀ ਹੈ। ਇਹ ਕੁਝ ਭਾਰਤ ਦੀ ਪਾਰਲੀਮੈਂਟ ਵਿੱਚ ਭਵਿੱਖ ਵਿੱਚ ਕਦੇ ਵੀ ਹੋ ਸਕਦਾ ਹੈ ਤੇ ਹੋਣ ਨੂੰ ਇਹ ਵੀ ਹੋ ਸਕਦਾ ਹੈ ਕਿ ਕੱਲ੍ਹ-ਕਲੋਤਰ ਨੂੰ ਏਦਾਂ ਦਾ ਕੁਝ ਹੋ ਜਾਵੇ ਕਿ ਭਵਿੱਖ ਵਿੱਚ ਏਦਾਂ ਚੁਣੌਤੀ ਪੇਸ਼ ਕਰਨ ਦੇ ਮੌਕੇ ਹੀ ਸੀਮਤ ਜਿਹੇ ਕਰ ਦਿੱਤੇ ਜਾਣ। ਇਸ ਵਾਰੀ ਵੋਟਾਂ ਪੈਣ ਤੇ ਭਵਿੱਖ ਦੀ ਰਾਜ ਕਰਦੀ ਧਿਰ ਦੀ ਚੋਣ ਹੋਣ ਪਿੱਛੋਂ ਸਾਡੇ ਕੋਲ ਚੋਖਾ ਮੌਕਾ ਹੋਵੇਗਾ, ਜਦੋਂ ਰਾਜਨੀਤਕ ਅਤੇ ਸੰਵਿਧਾਨਕ ਪੱਖਾਂ ਤੋਂ ਚੋਣਾਂ ਵਿੱਚ ਹੋਏ-ਬੀਤੇ ਦੀ ਚਰਚਾ ਅਤੇ ਚੀਰ-ਪਾੜ ਹੁੰਦੀ ਰਹੇਗੀ। ਇਹ ਕੰਮ ਉਸ ਵੇਲੇ ਕਰਾਂਗੇ, ਇਸ ਬਾਰੇ ਤੱਤੇ ਘਾਅ ਕਾਹਲੇ ਅੰਦਾਜ਼ੇ ਲਾਈ ਜਾਣ ਦੀ ਥਾਂ ਅਸੀਂ ਚਾਹਾਂਗੇ ਕਿ ਸਾਡੇ ਲੋਕ ਭਾਰਤ ਦੇ ਲੋਕਤੰਤਰ ਦੀ ਸਥਿਤੀ ਬਾਰੇ ਸੋਚਣ, ਜਿਸ ਵਿੱਚ ਲੋਕਤੰਤਰ ਹੀ ਅਸਲ ਵਿੱਚ ਮਨਫੀ ਹੁੰਦਾ ਜਾਂਦਾ ਅਤੇ ਏਹੋ ਜਿਹੇ ਰੁਝਾਨ ਭਾਰੂ ਹੋਈ ਜਾਂਦੇ ਹਨ, ਜਿਹੜੇ ਸਾਨੂੰ ਮਾਣ ਕਰਨ ਦਾ ਮੌਕਾ ਦੇਣ ਵਾਲੇ ਨਹੀਂ ਜਾਪਦੇ। ਭਾਰਤੀ ਪਾਰਲੀਮੈਂਟ ਦੀਆਂ ਚੋਣਾਂ ਵਿੱਚ ਇਸ ਵਾਰ ਜੋ ਕੁਝ ਹੋਇਆ ਤੇ ਅੱਤ ਦੇ ਨੀਵੇਂ ਪੱਧਰ ਤੱਕ ਪਹੁੰਚ ਕੇ ਹੁੰਦਾ ਅਸੀਂ ਵੇਖਿਆ ਹੈ, ਉਸ ਦੀ ਚਰਚਾ ਦੁਨੀਆ ਭਰ ਵਿੱਚ ਵੀ ਹੁੰਦੀ ਪਈ ਹੈ।

ਪਹਿਲਾ ਪੱਖ ਰਾਜਨੀਤਕ ਆਗੂਆਂ ਦੇ ਵਿਹਾਰ ਦਾ ਹੈ। ਉਨ੍ਹਾਂ ਨੇ ਮੁੱਦਿਆਂ ਦੀ ਚਰਚਾ ਘੱਟ ਕੀਤੀ ਤੇ ਇਸ ਦੀ ਥਾਂ ਉਹ ਮੁੱਦੇ ਵੱਧ ਚੁੱਕੇ, ਜਿਹੜੇ ਇੱਕ-ਦੂਸਰੇ ਦਾ ਮਜ਼ਾਕ ਬਣਾਉਣ, ਉਸ ਨੂੰ ਘਟੀਆ ਦੱਸਣ ਅਤੇ ਖੁਦ ਨੂੰ ਇਸ ਦੇਸ਼ ਦੇ ਲੋਕਾਂ ਦੀ ਅਸਲੀ ਆਵਾਜ਼ ਵਜੋਂ ਪੇਸ਼ ਕਰਨ ਵੱਲ ਸੇਧੇ ਹੁੰਦੇ ਸਨ। ਸਭ ਕੁਝ ਜਾਣਦੇ ਹੋਏ ਵੀ ਲੋਕ ਬੜੀ ਵਾਰ ਭੁੱਲ ਜਾਂਦੇ ਹਨ ਕਿ ਬੀਤੇ ਸਮੇਂ ਵਿੱਚ ਇਸ ਪਾਰਟੀ ਨੇ ਆਹ ਕੀਤਾ ਸੀ ਤੇ ਉਨ੍ਹਾਂ ਦੀ ਭੁੱਲਣ ਦੀ ਆਦਤ ਨੂੰ ਵਰਤ ਬਣਾ ਕੇ ਸਿਆਸੀ ਸਟੇਜਾਂ ਤੋਂ ਬੀਤੇ ਦੀਆਂ ਬਾਤਾਂ ਇੰਜ ਪਾਈਆਂ ਜਾਂਦੀਆਂ ਹਨ ਕਿ ਸਾਰੀ ਤਸਵੀਰ ਉਲਟਾ ਕੇ ਪੇਸ਼ ਕੀਤੀ ਗਈ ਹੁੰਦੀ ਹੈ, ਪਰ ਨਾ ਲੋਕ ਕਿੰਤੂ ਕਰਦੇ ਹਨ, ਨਾ ਇੰਜ ਕਰਨ ਵਾਲੇ ਨੂੰ ਆਪਣੇ ਆਪ ਉੱਤੇ ਸ਼ਰਮ ਆਉਂਦੀ ਹੈ। ਜਵਾਨ ਉਮਰ ਵਿੱਚ ਪ੍ਰੇਮਿਕਾਵਾਂ ਨੂੰ ਬੇਵਕੂਫ ਬਣਾਉਣ ਵਾਲੇ ਜਜ਼ਬਾਤੀ ਛੋਕਰਿਆਂ ਬਾਰੇ ਅਸੀਂ ਸੁਣਿਆ ਸੀ ਕਿ ਉਹ ਅਸਮਾਨ ਤੋਂ ਚੰਦ ਅਤੇ ਤਾਰੇ ਤੋੜ ਲਿਆਉਣ ਦੀਆਂ ਡੀਂਗਾਂ ਮਾਰਦੇ ਹਨ ਤੇ ਕਈ ਕਵੀਆਂ ਨੇ ਏਦਾਂ ਦੇ ਗੀਤ ਲਿਖੇ ਤੇ ਪੜ੍ਹੇ ਸਨ, ਪਰ ਆਮ ਲੋਕਾਂ ਅੱਗੇ ਏਦਾਂ ਗੱਪਾਂ ਪਰੋਸੀਆਂ ਜਾ ਸਕਦੀਆਂ ਹਨ, ਇਹ ਚੋਣਾਂ ਵਿੱਚ ਪਤਾ ਲੱਗਾ ਹੈ। ਜਿੱਡੀ ਚਾਹੇ ਗੱਪ ਮਾਰ ਕੇ ਕਹਿ ਦਿਉ ਕਿ ਇਹ ਸਾਡੀ ਗਾਰੰਟੀ ਹੈ, ਕੋਈ ਇਸ ਦਾ ਬੁਰਾ ਨਹੀਂ ਮਨਾਉਂਦਾ ਤੇ ਕਮਾਲ ਦੀ ਗੱਲ ਇਹ ਕਿ ਜਿਹੜੇ ਏਦਾਂ ਕਰਨ ਨੂੰ 'ਮੁਫਤ ਦੀਆਂ ਰਿਉੜੀਆਂ' ਵੰਡਣਾ ਕਹਿੰਦੇ ਹਨ, ਅਗਲੇ ਦਿਨ ਓਦੋਂ ਵੱਡੀ ਗੱਪ ਨੂੰ ਗਾਰੰਟੀ ਕਹਿ ਕੇ ਪਹਿਲਿਆਂ ਤੋਂ ਵੱਧ ਲੋਕਾਂ ਦੀ ਭੀੜ ਅੱਗੇ ਅਤੇ ਮੀਡੀਏ ਰਾਹੀਂ ਸਾਰੇ ਦੇਸ਼ ਅੱਗੇ ਪੇਸ਼ ਕਰੀ ਜਾਂਦੇ ਹਨ। ਪਹਿਲੇ ਆਗੂ ਵੀ ਸਾਨੂੰ ਗਲਤ ਨਹੀਂ ਜਾਪਦੇ ਅਤੇ ਉਨ੍ਹਾਂ ਦੀ ਗੱਲ ਕੱਟ ਕੇ ਖੁਦ ਓਦੋਂ ਵੱਡੀ ਗੱਪ ਨੂੰ ਗਾਰੰਟੀ ਕਹਿ ਕੇ ਪੇਸ਼ ਕਰਨ ਵਾਲੇ ਨੂੰ ਠੀਕ ਕਹਿ ਦੇਣ ਵਿੱਚ ਵੀ ਸਾਨੂੰ ਹਰਜ਼ ਨਹੀਂ। ਅਸਲ ਸਥਿਤੀ ਜਿੱਦਾਂ ਦੀ ਹੈ, ਉਸ ਬਾਰੇ ਲੋਕਤੰਤਰ ਨੂੰ ਹੰਢਾਉਣ ਵਾਲੇ ਲੋਕ ਹੋਣਗੇ।

ਦੂਸਰਾ ਪੱਖ ਸਿਰੇ ਦੀ ਘਟੀਆ ਗੱਲ ਕਹਿ ਕੇ ਇਹ ਪਰਖਣ ਦਾ ਹੈ ਕਿ ਲੋਕਾਂ ਦੇ ਮੋਢਿਆਂ ਉੱਤੇ ਲੱਗਾ ਸਿਰ ਕੁਝ ਕੰਮ ਵੀ ਕਰਦਾ ਹੈ ਜਾਂ ਸਿਰਫ ਰਸਮ ਪੂਰੀ ਕਰਨ ਲਈ ਮਨੁੱਖ ਨੂੰ ਸਿਆਸੀ ਹਨੇਰੀਆਂ ਦੌਰਾਨ ਹਵਾ ਵਿੱਚ ਉੱਡ ਜਾਣ ਤੋਂ ਬਚਾਉਣ ਲਈ ਕੁਦਰਤ ਵੱਲੋਂ ਰੱਖਿਆ ਪੇਪਰ-ਵੇਟ ਬਣ ਕੇ ਰਹਿ ਗਿਆ ਹੈ! ਕਿਸੇ ਔਖੇ ਇਮਤਿਹਾਨ ਵਾਸਤੇ ਪੇਸ਼ ਕੀਤੇ ਗਏ ਔਖੇ ਤੋਂ ਔਖੇ ਪ੍ਰਸ਼ਨਾਂ ਵਾਂਗ ਇਹ ਕੰਮ ਹਰ ਕਿਸੇ ਹੋਰ ਤੋਂ ਵੱਧ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਰਦੇ ਹਨ। ਉਹ ਆਪਣੇ ਵਿਰੋਧੀਆਂ ਉੱਤੇ ਦੂਸ਼ਣਬਾਜ਼ੀ ਕਰਨ ਲਈ ਇਹ ਕਹਿਣ ਤੋਂ ਵੀ ਨਹੀਂ ਝਿਜਕੇ ਕਿ ਵਿਰੋਧੀ ਧਿਰ ਚੋਣ ਜਿੱਤ ਗਈ ਤਾਂ ਤੁਹਾਡੇ ਘਰ ਦੀਆਂ ਦੋ ਮੱਝਾਂ ਵਿੱਚੋਂ ਇੱਕ ਮੱਝ ਖੋਲ੍ਹ ਕੇ ਜਾਂ ਤੁਹਾਡੀ ਪਾਣੀ ਸਪਲਾਈ ਵਾਸਤੇ ਲੱਗੀ ਹੋਈ ਟੂਟੀ ਲਾਹ ਕੇ ਲੈ ਜਾਣਗੇ। ਭਾਰਤ ਦੇ ਲੋਕ ਏਨੇ ਸਿਆਣੇ ਹੋ ਚੁੱਕੇ ਹਨ ਕਿ ਏਦਾਂ ਦੀ ਗੱਪ ਸੁਣ ਕੇ ਵੀ ਇਹ ਨਹੀਂ ਕਹਿੰਦੇ ਕਿ ਏਦਾਂ ਨਹੀਂ ਹੋ ਸਕਦਾ, ਸਗੋਂ ਖੁਸ਼ ਹੋ ਕੇ ਤਾੜੀਆਂ ਮਾਰਦੇ ਹਨ ਕਿ ਇਸ ਆਗੂ ਦਾ ਭਲਾ ਹੋਵੇ, ਜਿਹੜਾ ਸਾਨੂੰ ਸੁਚੇਤ ਕਰ ਰਿਹਾ ਹੈ, ਵਰਨਾ ਸਾਡੀ ਟੂਟੀ ਵੀ ਜਾਂਦੀ ਰਹਿਣੀ ਸੀ ਅਤੇ ਮੱਝ ਵੀ। ਉਰਦੂ ਭਾਸ਼ਾ ਦੀ ਇੱਕ ਕਹਾਵਤ ਹੈ, 'ਬੜੇ ਮੀਆਂ ਤੋ ਬੜੇ ਮੀਆਂ,
ਛੋਟੇ ਮੀਆਂ ਸੁਬਹਾਨ ਅੱਲ੍ਹਾ'। ਕਹਿਣ ਤੋਂ ਭਾਵ ਇਹ ਕਿ ਬੜੇ ਨੇਤਾ ਜਦੋਂ ਏਡੀ ਗੱਲ ਕਹਿ ਸਕਦੇ ਹਨ ਤਾਂ ਕਹਿ ਹੀ ਸਕਦੇ ਹਨ, ਕਮਾਲ ਦੀ ਗੱਲ ਇਹ ਸਮਝੋ ਕਿ ਛੋਟੇ ਮੀਆਂ, ਯਾਨੀ ਛੋਟੇ ਨੇਤਾ ਇਸ ਤੋਂ ਵੀ ਬਹੁਤ ਅੱਗੇ ਤੱਕ ਦੀ ਗੱਲ ਕਹਿ ਸਕਦੇ ਹਨ, ਜਿਹੜੀ ਕਿਸੇ ਦੇ ਮੰਨਣ ਵਿੱਚ ਨਾ ਆਉਂਦੀ ਹੋਵੇ, ਪਰ ਸੁਣਨੀ ਤੇ ਮੰਨਣੀ ਪੈਂਦੀ ਹੈ।

ਤੀਸਰਾ ਪੱਖ ਇਨ੍ਹਾਂ ਚੋਣਾਂ ਵਿੱਚ ਧਰਮ ਦੀ ਵਰਤੋਂ ਨਹੀਂ, ਸਿਖਰਾਂ ਛੋਂਹਦੀ ਦੁਰਵਰਤੋਂ ਦਾ ਹੈ। ਪੰਜਾਬ ਵਿੱਚ ਸਿੱਖੀ ਨੂੰ ਸਿਆਸੀ ਮੁੱਦਾ ਬਣਾ ਲੈਣਾ ਸਾਡੇ ਲੋਕ ਆਮ ਗੱਲ ਸਮਝਦੇ ਹਨ, ਜਦ ਕਿ ਚੋਣਾਂ ਵਿੱਚ ਏਦਾਂ ਨਹੀਂ ਹੋਣਾ ਚਾਹੀਦਾ, ਪਰ ਦੇਸ਼ ਪੱਧਰ ਉੱਤੇ ਇੱਕ ਧਿਰ ਸਭ ਤੋਂ ਵੱਡੀ ਬਹੁ-ਗਿਣਤੀ ਵਾਲੇ ਹਿੰਦੂ ਧਰਮ ਨੂੰ ਮੁੱਦਾ ਬਣਾ ਕੇ ਲੋਕਾਂ ਤੋਂ ਵੋਟਾਂ ਮੰਗਦੀ ਅਤੇ ਉਨ੍ਹਾਂ ਨੂੰ ਬੇਵਕੂਫ ਬਣਾਉਂਦੀ ਹੈ ਤੇ ਦੂਸਰੀ ਇੱਕੋ ਵਕਤ ਦੋ ਬੇੜੀਆਂ ਦੀ ਸਵਾਰ ਹੋਣਾ ਚਾਹੁੰਦੀ ਹੈ।

ਛੋਟੇ ਧਰਮਾਂ ਦੇ ਨਾਂਅ ਉੱਤੇ ਵੀ ਏਦਾਂ ਕਰਨ ਵਾਲੇ ਕੁਝ ਥੋੜ੍ਹੇ ਨਹੀਂ, ਰਾਜਸੀ ਲੋੜਾਂ ਦੀ ਪੂਰਤੀ ਲਈ ਉਹ ਵੀ ਹੱਦਾਂ ਲੰਘ ਜਾਂਦੇ ਹਨ ਅਤੇ ਏਦਾਂ ਕਰ ਕੇ ਉਹ ਇਹ ਸੋਚਦੇ ਹਨ ਕਿ ਬਹੁ-ਗਿਣਤੀ ਧਰਮ ਵਾਲੀ ਧਿਰ ਨੂੰ ਠਿੱਠ ਕਰ ਛੱਡਿਆ ਹੈ। ਅਸਲ ਵਿੱਚ ਏਦਾਂ ਦੀ ਰਾਜਨੀਤੀ ਨਾਲ ਉਹ ਆਪਣੇ ਧਰਮ ਦੇ ਉਨ੍ਹਾਂ ਲੋਕਾਂ ਅੱਗੇ ਹੋਰ ਕੰਡੇ ਵਿਛਾਈ ਜਾਂਦੇ ਹਨ, ਜਿਹੜੇ ਪਹਿਲਾਂ ਹੀ ਇਨ੍ਹਾਂ ਕੰਡਿਆਂ ਤੋਂ ਸਤਾਏ ਹੋਏ ਹਨ। ਅਸੀਂ ਸੁਣ ਰੱਖਿਆ ਹੈ ਕਿ ਲੋਹੇ ਨੂੰ ਲੋਹਾ ਕੱਟਦਾ ਹੈ, ਪਰ ਧਰਮ ਨੂੰ ਫਿਰਕੂਪੁਣੇ ਲਈ ਵਰਤਿਆ ਜਾਵੇ ਤਾਂ ਦੂਸਰੀ ਫਿਰਕਾਪ੍ਰਸਤੀ ਨੂੰ ਕੱਟਦਾ ਨਹੀਂ, ਇੱਕ ਕਿਸਮ ਦੀ ਫਿਰਕਪ੍ਰਸਤੀ ਦੂਸਰੀ ਫਿਰਕਾਪ੍ਰਸਤੀ ਨੂੰ ਹੋਰ ਤਿੱਖਾ ਕਰਦੀ ਹੈ। ਇਹ ਕੰਮ ਉਹ ਲੋਕ ਸਹਿਜ ਸੁਭਾਅ ਨਹੀਂ ਕਰਦੇ, ਉਨ੍ਹਾਂ ਦੀ ਸੋਚ ਵਿੱਚ ਇਹ ਜ਼ਹਿਰੀਲਾ ਦਾਅ ਛਿਪਿਆ ਹੁੰਦਾ ਹੈ ਕਿ ਇਸ ਤਰ੍ਹਾਂ 'ਆਪਣੇ ਧਰਮ' ਦੇ ਲੋਕਾਂ ਦੀ ਹਮਾਇਤ ਖਿੱਚਣੀ ਸੌਖੀ ਹੋ ਜਾਂਦੀ ਹੈ। ਨਤੀਜੇ ਵਜੋਂ ਦੋਵਾਂ ਪਾਸਿਆਂ ਦੀ ਫਿਰਕਾਪ੍ਰਸਤੀ ਜਿਸ ਕਿਸਮ ਦੇ ਚੰਦ ਚਾੜ੍ਹ ਸਕਦੀ ਹੈ, ਉਹ ਚਾੜ੍ਹੀ ਜਾ ਰਹੀ ਹੈ।

ਅਗਲਾ ਪੱਖ ਇਹ ਹੈ ਕਿ ਪ੍ਰਮੁੱਖ ਧਰਮਾਂ ਦੀ ਗੱਲ ਤਾਂ ਪਾਸੇ ਰਹੀ, ਲੋਕਤੰਤਰ ਦੇ ਇਸ ਘਮਸਾਨ ਵਿੱਚ ਛੋਟੇ-ਛੋਟੇ ਡੇਰਿਆਂ ਦੀ ਲੋੜ ਵੀ ਮਹਿਸੂਸ ਕੀਤੀ ਜਾਂਦੀ ਹੈ ਤੇ ਅੱਗੋਂ ਉਨ੍ਹਾਂ ਡੇਰਿਆਂ ਦੇ ਮੁਖੀ ਵੀ ਚੋਣਾਂ ਦੇ ਦਿਨਾਂ ਵਿੱਚ ਆਪਣੇ ਡੇਰੇ ਨੂੰ ਡੇਰਾ ਨਹੀਂ ਰਹਿਣ ਦੇਂਦੇ, ਵੋਟਾਂ ਤੇ ਵੋਟਰਾਂ ਦੀ ਸੌਦੇਬਾਜ਼ੀ ਦਾ ਕਾਊਂਟਰ ਬਣਾ ਬੈਠਦੇ ਹਨ। ਇੱਕ ਲੀਡਰ ਸਵੇਰੇ ਆਣ ਕੇ ਉਨ੍ਹਾਂ ਕੋਲ ਤਰਲੇ ਮਾਰਦਾ ਅਤੇ ਦੂਸਰਾ ਦੁਪਹਿਰ ਤੱਕ ਗੇੜਾ ਲਾ ਕੇ ਮੁੜਦਾ ਹੈ ਕਿ ਸ਼ਾਮ ਨੂੰ ਤੀਸਰਾ ਅਤੇ ਅੱਧੀ ਰਾਤ ਚੌਥਾ ਸ਼ਰੀਕ ਵੀ ਆਣ ਵੜਦਾ ਹੈ। ਪੰਜਾਬੀ ਬੋਲੀ ਦਾ ਇੱਕ ਸ਼ਬਦ 'ਚੁੰਗਾਂ' ਅੱਜਕੱਲ੍ਹ ਬਹੁਤਾ ਵਰਤੋਂ ਵਿੱਚ ਨਹੀਂ ਰਹਿ ਗਿਆ, ਇਸ ਦਾ ਮਤਲਬ ਦੁਕਾਨ ਉੱਤੇ ਆਏ ਗ੍ਰਾਹਕ ਹੁੰਦਾ ਹੈ। ਧਰਮ ਦੇ ਜਿਹੜੇ ਕੇਂਦਰਾਂ ਉੱਤੇ ਚੋਣਾਂ ਵਿੱਚ ਏਦਾਂ ਚੌਵੀ ਘੰਟੇ ਰਾਜਸੀ 'ਚੁੰਗਾਂ' ਆਈ ਜਾਂਦੀਆਂ ਹਨ ਅਤੇ ਹਰ ਵੇਲੇ ਉਨ੍ਹਾਂ ਦੀ ਕਤਾਰ ਲੱਗੀ ਹੁੰਦੀ ਹੈ, ਉਨ੍ਹਾਂ ਦੀ ਆਮਦ ਦੀ ਏਨੀ ਬਹੁਤਾਤ ਵਾਲੇ ਡੇਰਿਆਂ ਦੇ ਮੁਖੀ ਭਜਨ-ਬੰਦਗੀ ਕਦੋਂ ਕਰਦੇ ਹੋਣਗੇ, ਸਾਡੀ ਸੋਚ ਤੋਂ ਪਰੇ ਹੈ। ਸ਼ਾਇਦ ਇਹ ਲੋਕ ਸੋਚਦੇ ਹੋਣਗੇ ਕਿ ਧਰਮ-ਕਰਮ ਤਾਂ ਅੱਗੋਂ-ਪਿੱਛੋਂ ਵੀ ਹੁੰਦਾ ਰਿਹਾ ਤੇ ਹੁੰਦਾ ਰਹਿਣਾ ਹੈ, ਵੋਟਾਂ ਦਾ ਸੀਜ਼ਨ ਕਾਹਨੂੰ ਖਰਾਬ ਕਰਨਾ ਹੈ, ਸਿਆਸਤ ਦੀ ਫਸਲ ਸੰਭਾਲਣ ਵਿੱਚ ਨਾ ਖੁੰਝ ਜਾਂਦੇ ਹੋਈਏ। ਆਮ ਲੋਕ ਵੀ ਵੇਖ ਕੇ ਚੁੱਪ ਰਹਿੰਦੇ ਹਨ।


ਆਖਰੀ ਪੱਖ ਚੋਣਾਂ ਵਿੱਚ ਚੋਣ ਕਮਿਸ਼ਨ ਦੀ ਭੂਮਿਕਾ ਦਾ ਹੈ, ਜਿਸ ਨੇ ਦੇਸ਼ ਦੇ ਲੋਕਾਂ ਦੀ ਵਫਾਦਾਰੀ ਨਿਭਾਉਣ ਦੀ ਥਾਂ ਆਪਣੇ ਰੁਜ਼ਗਾਰ-ਦਾਤਿਆਂ, ਅਰਥਾਤ ਚੋਣ ਕਮਿਸ਼ਨਰੀ ਦੇ ਮਾਣ-ਮੱਤੇ ਅਹੁਦੇ ਬਖਸ਼ਣ ਵਾਲਿਆਂ ਦੀ ਵਫਾ ਕਰਨ ਨੂੰ ਹਮੇਸ਼ਾ ਪਹਿਲ ਦਿੱਤੀ ਹੈ। ਥੋੜ੍ਹਾ ਜਿਹਾ ਸਮਾਂ ਇਸ ਤੋਂ ਵੱਖਰਾ ਸੀ, ਜਦੋਂ ਟੀ ਐੱਨ ਸੇਸ਼ਨ ਨਾਂਅ ਦਾ ਮੁੱਖ ਚੋਣ ਕਮਿਸ਼ਨਰ ਇਸ ਦੇਸ਼ ਨੂੰ ਮਿਲਿਆ ਸੀ, ਉਸ ਤੋਂ ਬਿਨਾਂ ਮੌਕੇ ਦੇ ਮਾਲਕਾਂ ਦੀ ਜੀ-ਹਜ਼ੂਰੀ ਕਰਨ ਵਾਲੇ ਚੋਣ ਕਮਿਸ਼ਨਰਾਂ ਦੇ ਕਿਰਦਾਰ ਦੀ ਚਰਚਾ ਹੀ ਹੁੰਦੀ ਰਹੀ ਹੈ। ਇਸ ਵਾਰ ਫਿਰ ਚੋਣ ਕਮਿਸ਼ਨਰਾਂ ਨੇ ਲੋਕਤੰਤਰੀ ਅਸੂਲ ਟੁੱਟਦੇ ਵੇਖ ਕੇ ਚੁੱਪ ਰਹਿਣ ਦਾ ਨਵਾਂ ਰਿਕਾਰਡ ਬਣਾਇਆ ਹੈ, ਕੋਈ ਏਦਾਂ ਦਾ ਪ੍ਰਭਾਵਸ਼ਾਲੀ ਕਦਮ ਕਦੇ ਨਹੀਂ ਉਠਾਇਆ, ਜਿਸ ਦੇ ਕਾਰਨ ਅਜੋਕੇ ਮੁੱਖ ਚੋਣ ਕਮਿਸ਼ਨਰ ਜਾਂ ਉਸ ਦੇ ਦੋਵਾਂ ਜੋੜੀਦਾਰਾਂ ਨੂੰ ਯਾਦ ਰੱਖਿਆ ਜਾਵੇ। ਚੋਣਾਂ ਦੀ ਘੜੀ ਜਦੋਂ ਸਿਰ ਉੱਤੇ ਸੀ, ਇੱਕ ਚੋਣ ਕਮਿਸ਼ਨਰ ਰਿਟਾਇਰ ਹੋ ਗਿਆ ਤੇ ਦੂਸਰਾ ਅਸਤੀਫਾ ਦੇ ਗਿਆ ਸੀ।

ਉਨ੍ਹਾਂ ਦੋਵਾਂ ਦੀ ਥਾਂ 'ਬੂਹੇ ਖੜੋਤੀ ਜੰਨ, ਵਿੰਨ੍ਹੋ ਕੁੜੀ ਦੇ ਕੰਨ' ਵਾਲੀ ਹਾਲਤ ਵਿੱਚ ਨਵੇਂ ਨਿਯੁਕਤ ਕੀਤੇ ਸਨ ਤੇ ਨਵੇਂ ਦੋ ਚੋਣ ਕਮਿਸ਼ਨਰਾਂ ਇਹ ਦੀ ਆਸ ਰੱਖਣੀ ਹੀ ਫਜ਼ੂਲ ਸੀ ਕਿ ਉਹ ਚੋਣਾਂ ਦੌਰਾਨ ਕਾਨੂੰਨੀ ਕਿਤਾਬਾਂ ਵੇਖ ਕੇ ਕੁਝ ਕਰਨਗੇ। ਬਹੁਤ ਸਾਰੇ ਮੌਕੇ ਆਏ ਸਨ, ਜਦੋਂ ਪ੍ਰਧਾਨ ਮੰਤਰੀ ਤੱਕ ਨੇ ਰਾਜਨੀਤਕ ਤੇ ਸੰਵਿਧਾਨਕ ਹੱਦਾਂ ਤੋਂ ਅੱਗੇ ਲੰਘ ਕੇ ਉਹ ਗੱਲਾਂ ਕਹੀਆਂ, ਜਿਨ੍ਹਾਂ ਕਾਰਨ ਉਨ੍ਹਾਂ ਉੱਤੇ ਕਾਰਵਾਈ ਕਰਨੀ ਬਣਦੀ ਸੀ, ਪਰ ਚੋਣ ਕਮਿਸ਼ਨ ਇਸ ਬਾਰੇ ਚੁੱਪ ਰਿਹਾ ਜਾਂ ਕਾਰਵਾਈ ਕਰਨ ਤੋਂ ਟਲਦਾ ਰਿਹਾ ਅਤੇ ਉਹ ਆਗੂ ਇਸ ਤੋਂ ਵੀ ਅਗਲੀ ਹੱਦ ਉਲੰਘਦੇ ਰਹੇ। ਬਾਕੀ ਸਭ ਕੁਝ ਛੱਡੋ, ਚੋਣ ਪ੍ਰਚਾਰ ਬੰਦ ਹੋਣ ਮਗਰੋਂ ਜਿਹੜੀਆਂ ਗੱਲਾਂ ਵਾਸਤੇ ਪੱਕੀ ਮਨਾਹੀ ਦੱਸੀ ਗਈ ਸੀ, ਉਹ ਵੀ ਸ਼ਰੇਆਮ ਹੁੰਦੀਆਂ ਰਹੀਆਂ।

ਪ੍ਰਚਾਰ ਰੋਕਣ ਦੇ ਦਿਨ ਅਸੀਂ ਖੁਦ ਪੁੱਛਿਆ ਸੀ ਕਿ ਫਲਾਣੀ ਕਿਸਮ ਦੀ ਸਮੱਗਰੀ ਵਰਤਣ ਦੀ ਆਗਿਆ ਹੈ ਜਾਂ ਮਨਾਹੀ ਹੈ ਤੇ ਸਾਨੂੰ ਚੋਣ ਅਫਸਰਾਂ ਨੇ ਦੱਸਿਆ ਸੀ ਕਿ ਇਸ ਦੀ ਸਖਤ ਮਨਾਹੀ ਹੈ। ਕਮਾਲ ਦੀ ਗੱਲ ਕਿ ਪ੍ਰਚਾਰ ਬੰਦ ਹੋਣ ਤੋਂ ਅਗਲੇ ਦਿਨ ਮਨਾਹੀ ਵਾਲਾ ਸਭ ਕੁਝ ਚੋਣ ਪ੍ਰਚਾਰ ਦੇ ਆਮ ਦਿਨਾਂ ਵਾਂਗ ਚੱਲਦਾ ਰਿਹਾ ਅਤੇ ਕਿਸੇ ਨੇ ਕਿਸੇ ਨੂੰ ਕਿਸੇ ਥਾਂ ਕਿਸੇ ਗੱਲ ਤੋਂ ਰੋਕਿਆ ਨਹੀਂ। ਪਾਰਟੀਆਂ ਤੇ ਆਗੂਆਂ ਦੇ ਇੰਟਰਵਿਊ ਵੀ ਛਪਦੇ ਅਤੇ ਪੇਸ਼ ਹੁੰਦੇ ਰਹੇ ਅਤੇ ਇਸ਼ਤਿਹਾਰ ਵੀ ਵੋਟਾਂ ਵਾਲੇ ਦਿਨ ਤੱਕ ਚੱਲਦੇ ਰਹੇ।

ਮੈਨੂੰ ਉਸ ਵਕਤ ਦਾ ਇੱਕ ਕਿੱਸਾ ਕਦੇ ਨਹੀਂ ਭੁੱਲ ਸਕਦਾ, ਜਦੋਂ ਡਾਕਟਰ ਮਨਮੋਹਨ ਸਿੰਘ ਪ੍ਰਧਾਨ ਮੰਤਰੀ ਹੁੰਦੇ ਸਨ। ਇੱਕ ਵਾਰੀ ਅਸੀਂ ਕਿਸੇ ਸਮਾਗਮ ਵਿੱਚ ਸਾਂ। ਇੱਕ ਸੀਨੀਅਰ ਪੱਤਰਕਾਰ ਤੇ ਇੱਕ ਸੀਨੀਅਰ ਸਿਵਲ ਅਫਸਰ ਚਾਹ ਪੀਂਦਿਆਂ ਚਰਚਾ ਕਰਦੇ ਪਏ ਸਨ ਕਿ ਮਨਮੋਹਨ ਸਿੰਘ ਦੇ ਰਾਜ ਵਿੱਚ ਬੜਾ ਕੁਝ ਗਲਤ ਹੁੰਦਾ ਹੈ। ਸਾਰੀ ਗੱਲ ਉਹ ਦੋਵੇਂ ਇੱਕੋ ਸੁਰ ਵਿੱਚ ਕਹਿੰਦੇ ਸਨ ਤੇ ਠੀਕ ਹੀ ਕਹਿੰਦੇ ਸਨ, ਇਸ ਵਿੱਚ ਮੋੜ ਓਦੋਂ ਆ ਗਿਆ, ਜਦੋਂ ਉਨ੍ਹਾਂ ਵਿੱਚੋਂ ਇੱਕ ਜਣੇ ਨੇ ਇਹ ਕਿਹਾ ਕਿ ਮਨਮੋਹਨ ਸਿੰਘ ਦਾ ਕੀ ਕਸੂਰ ਹੈ, ਸਰਕਾਰ ਤਾਂ ਸੋਨੀਆ ਗਾਂਧੀ ਦੇ ਘਰੋਂ ਚੱਲਦੀ ਪਈ ਹੈ, ਮਨਮੋਹਨ ਸਿੰਘ ਸਿਰਫ ਦਸਖਤ ਕਰਦਾ ਹੈ। ਪਹਿਲੇ ਨੇ ਪੁੱਛ ਲਿਆ ਕਿ ਫਿਰ ਏਦਾਂ ਪ੍ਰਧਾਨ ਮੰਤਰੀ ਬਣੇ ਰਹਿਣ ਦਾ ਫਾਇਦਾ ਕੀ ਹੈ ਅਤੇ ਦੂਸਰੇ ਨੇ ਝੱਟ ਆਖਿਆ ਕਿ ਬਹੁਤ ਫਾਇਦਾ ਹੈ, ਇਸ ਨਾਲ ਇਹ ਗੱਲ ਸਾਬਤ ਹੋ ਗਈ ਹੈ ਕਿ ਇਹ ਦੇਸ਼ ਪ੍ਰਧਾਨ ਮੰਤਰੀ ਦੇ ਬਗੈਰ ਵੀ ਚੱਲ ਸਕਦਾ ਜਾਂ ਚਲਾਇਆ ਜਾ ਸਕਦਾ ਹੈ। ਪਿਛਲੇ ਹਫਤੇ ਇਹ ਹੀ ਗੱਲ ਸਾਨੂੰ ਉਸ ਵੇਲੇ ਯਾਦ ਆਈ, ਜਦੋਂ ਪੱਤਰਕਾਰਾਂ ਦੇ ਇੱਕ ਗਰੁੱਪ ਵਿੱਚ ਬੈਠਿਆਂ ਇੱਕ ਸੱਜਣ ਨੇ ਕਿਹਾ ਕਿ ਕੁਝ ਕਰਨਾ ਨਹੀਂ ਤਾਂ ਏਦਾਂ ਦੇ ਚੋਣ ਕਮਿਸ਼ਨ ਹੋਣ ਦਾ ਫਾਇਦਾ ਕੀ ਹੈ! ਮੈਂ ਜਵਾਬ ਵਿੱਚ ਓਦੋਂ ਵਾਲੀ ਗੱਲ ਕਹਿ ਦਿੱਤੀ ਕਿ ਇਸ ਦਾ ਬੜਾ ਵੱਡਾ ਫਾਇਦਾ ਹੈ, ਇਸ ਸਾਲ ਦੀਆਂ ਚੋਣਾਂ ਨੇ ਸਾਬਤ ਕਰ ਦਿੱਤਾ ਹੈ ਕਿ ਭਾਰਤ ਵਿੱਚ ਕਿੰਨੇ ਸਾਰੇ ਬੇਲੋੜੇ ਕਾਨੂੰਨਾਂ ਅਤੇ ਬੇਲੋੜੇ ਅਹੁਦਿਆਂ ਵਾਂਗ ਇੱਕ ਬੇਲੋੜੀ ਚੀਜ਼ ਚੋਣ ਕਮਿਸ਼ਨ ਵੀ ਹੈ, ਇਹ ਨਾ ਵੀ ਹੋਵੇ ਤਾਂ ਭਾਰਤ ਦਾ ਲੋਕਤੰਤਰ, ਜਿੰਨਾ ਕੁ ਮਾੜਾ-ਮੋਟਿਆ ਬਚਿਆ ਨਜ਼ਰ ਆਉਂਦਾ ਹੈ, ਚੱਲਦਾ ਰਹਿ ਸਕਦਾ ਹੈ। ਉਂਜ ਇਹ ਲੋਕਤੰਤਰ ਚੱਲਦਾ ਕਿੱਥੇ ਹੈ, ਚੱਲਣ ਦਾ ਐਵੇਂ ਭਰਮ ਜਿਹਾ ਹੀ ਪਾਉਂਦਾ ਹੈ, ਚੋਣ ਕਮਿਸ਼ਨ ਨਾ ਵੀ ਹੋਵੇ ਤਾਂ ਕਿਹੜਾ ਲੋਕਤੰਤਰ ਉੱਤੇ ਪਹਾੜ ਡਿੱਗ ਪਵੇਗਾ!

ਮਿਰਜ਼ਾ ਗਾਲਿਬ ਨੇ ਲਿਖਿਆ ਸੀ ਕਿ 'ਹਮ ਕੋ ਮਾਲੂਮ ਹੈ ਜੰਨਤ ਕੀ ਹਕੀਕਤ ਲੇਕਿਨ, ਦਿਲ ਕੇ ਖੁਸ਼ ਰਖਨੇ ਕੋ ਗਾਲਿਬ ਯੇ ਖਿਆਲ ਅੱਛਾ ਹੈ'। ਦਿਲ ਨੂੰ ਧਰਵਾਸ ਦੇਣ ਜੋਗਾ ਲੋਕਤੰਤਰ ਸਾਡੇ ਕੋਲ ਹੈ ਤਾਂ ਖਿਆਲ ਬੁਰਾ ਨਹੀਂ।



ਜਤਿੰਦਰ ਪਨੂੰ

# SUNLIGHT ADULT DAY HEALTH CARE CENTRE

## ਬੁਢਾਪੇ ਨੂੰ ਖ਼ੁਸ਼ਹਾਲ ਤੇ ਰੰਗੀਨ ਬਣਾਓ ਨਵੀਆਂ-ਨਵੀਆਂ communities ਦੇ ਲੋਕਾਂ ਨਾਲ ਬਿਤਾਓ ਸਮਾਂ



**ਸੋਮਵਾਰ ਤੋਂ ਸ਼ੁਕਰਵਾਰ ਸਵੇਰੇ 9:00 ਵਜੇ ਤੋਂ ਦੁਪਹਿਰ 3:00 ਵਜੇ ਤਕ**




**Bus Pickup & Drop**
**ਸਾਫ਼- ਸੁਥਰਾ ਮਾਹੌਲ**
**Health Care Facility**

**Physical, Occupational & Speech Therapy**
**Dietition ਦੁਆਰਾ ਤਿਆਰ Nutritional Diet**
**ਮੈਡੀਕਲ ਸਹੂਲਤਾਂ Entertainment ਲਈ GAMES**



**ਅਗਰ ਤੁਹਾਡੇ ਕੋਲ ਮੈਡੀਕਲ ਹੈ ਤਾਂ ਸੈਂਟਰ ਵੱਲੋਂ ਤੁਹਾਨੂੰ ਸਾਰੀਆਂ ਸੇਵਾਵਾਂ ਮੁਫ਼ਤ ਮਿਲਣਗੀਆਂ**

**ADDRESS:1581 Cummins Drive Suite 100, Modesto, CA 95358**

**CALL TODAY AT - (209) 408-0019**
**Email : sunlightadhc@yahoo.com**

**ਅਸੀਂ ਹਰ ਸਮੇਂ ਤੁਹਾਡੀ ਮਦਦ ਲਈ ਤਿਆਰ-ਬਰ -ਤਿਆਰ ਹਾਂ**

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com




EXIT
EXIT REALTY CONSULTANTS
150 W.Yosemite Ave.,Manteca ,CA ,95336
ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ
(ਘਰ , ਖਾਲੀ ਜ਼ਮੀਨ ,ਫਾਰਮ ,ਸਟੇਸ਼ਨ )
ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ
ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ
Raman Bassi
Realtor DRE # 02162139
ਵਧੇਰੇ ਜਾਣਕਾਰੀ ਲਈ ਕਾਲ ਕਰੋ
Cell : 510-432-8122
Office : 209-823-1234
www.RamanBassi.EXITHOME.COM
RBassi@EXITHOME.com

### ਪੰਜਾਬ 'ਚ ਪ੍ਰਸ਼ਾਸਨ ਦੀ ਵੱਡੀ ਲਾਪਰਵਾਹੀ

# ਕਪੂਰਥਲਾ 'ਚ ਜ਼ਿੰਦਾ ਵਿਅਕਤੀ ਮ੍ਰਿਤਕ ਕਰਾਰਿਆ, ਰਾਸ਼ਟਰਪਤੀ ਤੋਂ ਆਪਣਾ ਵੋਟ ਅਧਿਕਾਰ ਬਹਾਲ ਕਰਨ ਦੀ ਕੀਤੀ ਮੰਗ

**ਕਪੂਰਥਲਾ ਸਾਂਝੀ ਸੋਚ ਬਿਊਰੋ**



ਪੰਜਾਬ ਦੇ ਕਪੂਰਥਲਾ 'ਚ ਲੋਕ ਸਭਾ ਚੋਣਾਂ ਦੌਰਾਨ ਇੱਕ ਵੱਡੀ ਲਾਪਰਵਾਹੀ ਸਾਹਮਣੇ ਆਈ ਹੈ। ਜਿਥੇ ਇਕ ਵਿਅਕਤੀ ਪੋਲਿੰਗ ਬੂਥ 'ਤੇ ਪਹੁੰਚਿਆ, ਜਿਸ ਨੂੰ ਪ੍ਰਸ਼ਾਸਨ ਨੇ ਜ਼ਿੰਦਾ ਹੁੰਦਿਆਂ ਹੀ ਮ੍ਰਿਤਕ ਕਰਾਰ ਦੇ ਦਿੱਤਾ ਅਤੇ ਉਸ ਦਾ ਨਾਂ ਵੋਟਰ ਸੂਚੀ 'ਚੋਂ ਹਟਾ ਦਿੱਤਾ ਗਿਆ। 72 ਸਾਲਾ ਵਿਅਕਤੀ ਆਪਣੇ ਗਲੇ 'ਚ ਫੱਟੀ ਲਟਕਾਈ ਲੈ ਕੇ ਪਹੁੰਚਿਆ ਅਤੇ ਰਾਸ਼ਟਰਪਤੀ ਤੋਂ ਆਪਣਾ ਵੋਟ ਅਧਿਕਾਰ ਬਹਾਲ ਕਰਨ ਦੀ ਮੰਗ ਕੀਤੀ। ਕਪੂਰਥਲਾ ਦੇ ਰਣਧੀਰ ਕਾਲਜ 'ਚ ਪੋਲਿੰਗ ਸਟੇਸ਼ਨ 'ਤੇ ਪਹੁੰਚੇ ਕਪੂਰਥਲਾ ਨਿਵਾਸੀ 72 ਸਾਲਾ ਅਰੁਣ ਜਲੋਟਾ ਨੇ ਰਾਸ਼ਟਰਪਤੀ ਤੋਂ ਆਪਣਾ ਵੋਟ ਅਧਿਕਾਰ ਬਹਾਲ ਕਰਨ ਦੀ ਮੰਗ ਕੀਤੀ ਹੈ। ਅਰੁਣ ਜਲੋਟਾ ਦਾ ਕਹਿਣਾ ਹੈ ਕਿ ਉਹ ਪਿਛਲੇ ਕਈ ਸਾਲਾਂ ਤੋਂ ਆਪਣੀ ਵੋਟ ਪਾਉਂਦੇ ਆ ਰਹੇ ਹਨ ਪਰ ਇਸ ਵਾਰ ਲੋਕ ਸਭਾ ਚੋਣਾਂ ਵਿੱਚ ਪ੍ਰਸ਼ਾਸਨਿਕ ਗਲਤੀ ਕਾਰਨ ਉਨ੍ਹਾਂ ਦੀ ਵੋਟ ਖੋਹ ਲਈ ਗਈ। ਬਜ਼ੁਰਗ ਅਨੁਸਾਰ ਉਸ ਦੇ ਗੁਆਂਢ ਵਿੱਚ ਰਹਿਣ ਵਾਲੇ ਕਿਸੇ ਵਿਅਕਤੀ ਦੀ ਮੌਤ ਹੋ ਗਈ ਸੀ ਪਰ ਵੋਟਾਂ ਪੈਣ ਅਤੇ ਗਿਣਤੀ ਸਮੇਂ ਉਸ ਨੂੰ ਮ੍ਰਿਤਕ ਕਰਾਰ ਦੇ ਕੇ ਉਸ ਦੀ ਵੋਟ ਰੱਦ ਕਰ ਦਿੱਤੀ ਗਈ ਸੀ।
ਜਿਸ ਕਾਰਨ ਉਹ ਇਸ ਵਾਰ ਆਪਣੀ ਵੋਟ ਦਾ ਇਸਤੇਮਾਲ ਨਹੀਂ ਕਰ ਸਕੇ ਹਨ। ਇਸ ਤੋਂ ਜਿੱਥੇ ਉਹ ਨਿਰਾਸ਼ ਹੈ, ਉੱਥੇ ਹੀ ਉਸ ਦਾ ਪਰਿਵਾਰ ਵੀ ਕਾਫੀ ਪਰੇਸ਼ਾਨ ਹੈ ਅਤੇ ਉਸ ਦੀ ਪਤਨੀ ਨੇ ਵੀ ਇਸ ਕਾਰਨ ਵੋਟ ਨਹੀਂ ਪਾਉਣੀ ਸੀ। ਪਰ ਪਤੀ ਦੇ ਕਹਿਣ ਤੋਂ ਬਾਅਦ ਉਸਨੇ ਵੋਟ ਪਾਉਣ ਦਾ ਫੈਸਲਾ ਕੀਤਾ। ਬਜ਼ੁਰਗ ਅਰੁਣ ਜਲੋਟਾ ਦੀ ਪਤਨੀ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਉਸ ਦੀ ਵੋਟ ਦੁਬਾਰਾ ਬਣਵਾ ਕੇ ਉਸ ਦੇ ਪਤੀ ਦਾ ਇਹ ਹੱਕ ਬਹਾਲ ਕੀਤਾ ਜਾਵੇ। ਦੂਜੇ ਪਾਸੇ ਜਦੋਂ ਇਸ ਸਬੰਧੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਹ ਇਸ ਦੀ ਜਾਂਚ ਕਰਵਾਉਣਗੇ।

# ਹਲਕਾ ਬਾਬਾ ਬਕਾਲਾ 'ਚ ਵੋਟਾਂ ਸਫਲਤਾਪੂਰਵਕ ਸੰਪੰਨ :ਰਵਿੰਦਰ ਸਿੰਘ ਅਰੋੜਾ

**ਬਿਆਸ ਬਲਰਾਜ ਸਿੰਘ ਰਾਜਾ**



ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ-25 ਵਿਚ 58.02 ਫੀਸਦੀ ਦੇ ਕਰੀਬ ਵੋਟਾਂ ਪੋਲ ਹੋਣ ਦੀ ਖਬਰ ਹੈ। ਇਹ ਜਾਣਕਾਰੀ ਦਿੰਦਿਆਂ ਰਵਿੰਦਰ ਸਿੰਘ ਅਰੋੜਾ ਸਹਾਇਕ ਰਿਟਰਨਿੰਗ ਅਫਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਬਾਬਾ ਬਕਾਲਾ ਸਾਹਿਬ ਨੇ ਦੱਸਿਆ ਹੈ ਕਿ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ 'ਚ ਵੋਟਾਂ ਪਾਉਣ ਦਾ ਕੰਮ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਅਮਨ-ਅਮਾਨ ਨਾਲ ਸਮਾਪਤ ਹੋ ਗਿਆ ਅਤੇ ਕਿਸੇ ਪਾਸਿਓਂ ਵੀ ਕੋਈ ਅਣਸੁਖਾਵੀਂ ਘਟਨਾ ਵਾਪਰਨ ਦੀ ਖਬਰ ਨਹੀਂ ਹੈ। ਸਵੇਰੇ ਵੇਲੇ ਵੋਟਾਂ ਪਾਉਣ ਦਾ ਕੰਮ ਤੇਜ਼ੀ ਨਾਲ ਸੀ।
ਪਰ ਬਾਅਦ 'ਚ ਗਰਮੀ ਹੋਣ ਕਾਰਨ ਬਹੁਤ ਘੱਟ ਵੋਟ ਪੋਲ ਹੋਈ । ਸ਼ਾਮ ਨੂੰ ਇਕ ਵਾਰ ਵੋਟਾਂ ਪਾਉਣ ਦੇ ਕੰਮ ਨੇ ਦੁਬਾਰਾ ਤੋਂ ਤੇਜ਼ੀ ਫੜੀ।

# ਵੋਟ ਪਾਉਣ ਵੇਲੇ ਵੀਡੀਓ ਬਣਾ ਕੇ ਵਾਇਰਲ ਕਰਨ 'ਤੇ ਫ਼ਿਰੋਜ਼ਪੁਰ ਤੋਂ ਬਸਪਾ ਉਮੀਦਵਾਰ ਕੰਬੋਜ ਖ਼ਿਲਾਫ਼ ਕੇਸ ਦਰਜ

## ਕੰਬੋਜ ਜਲਾਲਾਬਾਦ ਤੋਂ ਆਪ ਵਿਧਾਇਕ ਦੇ ਪਿਤਾ ਨੇ

**ਜਲਾਲਾਬਾਦ ਸਾਂਝੀ ਸੋਚ ਬਿਊਰੋ**



ਫਿਰੋਜ਼ਪੁਰ ਤੋਂ ਬਸਪਾ ਉਮੀਦਵਾਰ ਸੁਰਿੰਦਰ ਕੰਬੋਜ 'ਤੇ ਵੋਟ ਪਾਉਣ ਦੀ ਕਥਿਤ ਤੌਰ 'ਤੇ ਵੀਡੀਓ ਬਣਾਉਣ ਤੇ ਉਸ ਨੂੰ ਵਾਇਰਲ ਕਰਨ ਦੇ ਦੋਸ਼ ਹੇਠ ਕੇਸ ਦਰਜ ਕੀਤਾ ਗਿਆ ਹੈ। ਕੰਬੋਜ ਦੀ ਗੁਰੂਹਰਸਹਾਏ ਦੇ ਪਿੰਡ ਜੀਵਾ ਰਾਏ ਵਿਚ ਪੋਲਿੰਗ ਸਟੇਸ਼ਨ 'ਤੇ ਵੋਟ ਪਾਉਣ ਸਮੇਂ ਅਣਪਛਾਤੇ ਨੇ ਵੀਡੀਓ ਬਣਾਈ ਸੀ। ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਬਾਅਦ ਵਿਚ ਕੰਬੋਜ ਨੇ ਵੀਡੀਓ ਵਾਇਰਲ ਕਰ ਦਿੱਤੀ। ਕੰਬੋਜ ਅਤੇ ਅਣਪਛਾਤੇ ਖ਼ਿਲਾਫ਼ ਲੋਕ ਪ੍ਰਤੀਨਿਧਤਾ ਐਕਟ ਅਤੇ ਭਾਰਤੀ ਦੰਡਾਵਲੀ ਤਹਿਤ ਕੇਸ ਦਰਜ ਕੀਤਾ ਗਿਆ ਹੈ। ਕੰਬੋਜ ਜਲਾਲਾਬਾਦ ਤੋਂ 'ਆਪ' ਵਿਧਾਇਕ ਜਗਦੀਪ ਸਿੰਘ ਗੋਲਡੀ ਕੰਬੋਜ ਦੇ ਪਿਤਾ ਹਨ।

# ਤਰਨਤਾਰਨ 'ਚ ਬੂਥ 'ਤੇ ਤਾਇਨਾਤ ਪੁਲਸ ਮੁਲਾਜ਼ਮ ਦੀ ਗੋਲੀ ਲੱਗਣ ਨਾਲ ਹੋਈ ਦੀ ਮੌਤ

**ਤਰਨ ਤਾਰਨ ਸਾਂਝੀ ਸੋਚ ਬਿਊਰੋ**



ਪੰਜਾਬ ਦੀਆਂ 13 ਲੋਕ ਸਭਾ ਸੀਟਾਂ 'ਤੇ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਵੋਟਿੰਗ ਹੋਈ। ਚੋਣ ਕਮਿਸ਼ਨ ਦੀ ਐਪ ਵੋਟਰ ਮਤਦਾਨ ਅਨੁਸਾਰ ਸ਼ਾਮ 5 ਵਜੇ ਤੱਕ 55.20 ਫੀਸਦੀ ਵੋਟਿੰਗ ਹੋਈ। ਵੋਟਿੰਗ ਦੇ ਅੰਤਿਮ ਅੰਕੜੇ ਆਉਣੇ ਅਜੇ ਬਾਕੀ ਹਨ।

ਇਸ ਦੌਰਾਨ ਤਰਨਤਾਰਨ ਤੋਂ ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ। ਇੱਥੇ ਵੋਟਿੰਗ ਦੌਰਾਨ ਤਰਨਤਾਰਨ 'ਚ ਬੂਥ 'ਤੇ ਤਾਇਨਾਤ ਪੁਲਸ ਮੁਲਾਜ਼ਮ ਕੁਲਦੀਪ ਸਿੰਘ ਦੀ ਆਪਣੇ ਹੀ ਰਿਵਾਲਵਰ ਨਾਲ ਗੋਲੀ ਲੱਗਣ ਨਾਲ ਮੌਤ ਹੋ ਗਈ। ਗੋਲੀ ਲੱਗਦੇ ਹੀ ਮੌਕੇ 'ਤੇ ਮੌਜੂਦ ਹੋਰ ਮੁਲਾਜ਼ਮਾਂ ਨੇ ਉਸਨੂੰ ਤੁਰੰਤ ਹਸਪਤਾਲ ਪਹੁੰਚਾਇਆ, ਪਰ ਉਦੋਂ ਤੱਕ ਉਸਦੀ ਮੌਤ ਹੋ ਚੁੱਕੀ ਸੀ। ਪੁਲਿਸ ਗੋਲੀ ਲੱਗਣ ਦੀ ਘਟਨਾ ਦੀ ਜਾਂਚ ਵਿੱਚ ਜੁੱਟ ਚੁੱਕੀ ਹੈ

# ਦਿੱਲੀ ਸ਼ਰਾਬ ਨੀਤੀ ਮਾਮਲਾ: ਅਦਾਲਤ ਨੇ ਕੇਜਰੀਵਾਲ ਦੀ ਅੰਤਰਿਮ ਜ਼ਮਾਨਤ ਅਰਜ਼ੀ 'ਤੇ ਫ਼ੈਸਲਾ 5 ਤੱਕ ਸੁਰੱਖਿਅਤ ਰੱਖਿਆ

**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**



ਇਥੋਂ ਦੀ ਅਦਾਲਤ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਅੰਤਰਿਮ ਜ਼ਮਾਨਤ ਪਟੀਸ਼ਨ 'ਤੇ ਆਪਣਾ ਫ਼ੈਸਲਾ 5 ਜੂਨ ਤੱਕ ਸੁਰੱਖਿਅਤ ਰੱਖ ਲਿਆ। ਇਸ ਤੋਂ ਪਹਿਲਾਂ ਦਿੱਲੀ ਦੇ ਕਥਿਤ ਆਬਕਾਰੀ ਨੀਤੀ ਘਪਲੇ ਨਾਲ ਸਬੰਧਤ ਮਨੀ ਲਾਂਡਰਿੰਗ ਮਾਮਲੇ ਵਿਚ ਕੇਜਰੀਵਾਲ ਵੱਲੋਂ ਅੰਤਰਿਮ ਜ਼ਮਾਨਤ ਦੀ ਮੰਗ ਕਰਨ ਵਾਲੀ ਅਰਜ਼ੀ ਦਾ ਐਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਅੱਜ ਵਿਰੋਧ ਕੀਤਾ। ਈ.ਡੀ. ਨੇ ਵਿਸ਼ੇਸ਼ ਜੱਜ ਕਾਵੇਰੀ ਬਵੇਜਾ ਦੇ ਸਾਹਮਣੇ ਦਾਅਵਾ ਕੀਤਾ ਕਿ ਕੇਜਰੀਵਾਲ ਨੇ ਤੱਥਾਂ ਨੂੰ ਲੁਕਾਇਆ ਅਤੇ ਆਪਣੀ ਸਿਹਤ ਸਮੇਤ ਕਈ ਮਾਮਲਿਆਂ 'ਤੇ ਝੂਠੇ ਬਿਆਨ ਦਿੱਤੇ। ਈ.ਡੀ. ਵੱਲੋਂ ਪੇਸ਼ ਹੋਏ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਅਦਾਲਤ ਨੂੰ ਦੱਸਿਆ ਕਿ ਕੇਜਰੀਵਾਲ ਨੇ ਸ਼ੁੱਕਰਵਾਰ ਨੂੰ ਪ੍ਰੈੱਸ ਕਾਨਫਰੰਸ ਵਿਚ ਗੁੰਮਰਾਹਕੁਨ ਦਾਅਵਾ ਕੀਤਾ ਕਿ ਉਹ 2 ਜੂਨ ਨੂੰ ਆਤਮ ਸਮਰਪਣ ਕਰਨਗੇ। ਕੇਜਰੀਵਾਲ ਨੇ ਸਿਹਤ ਦੇ ਆਧਾਰ 'ਤੇ ਅੰਤਰਿਮ ਜ਼ਮਾਨਤ ਦੀ ਮਿਆਦ ਹਫਤਾ ਵਧਾਉਣ ਦੀ ਬੇਨਤੀ ਕੀਤੀ ਹੈ। ਮੁੱਖ ਮੰਤਰੀ ਨੂੰ ਪਹਿਲਾਂ ਸੁਪਰੀਮ ਕੋਰਟ ਨੇ ਅੰਤਰਿਮ ਜ਼ਮਾਨਤ ਦਿੱਤੀ ਸੀ, ਜੋ ਅੱਜ ਖ਼ਤਮ ਹੋ ਰਹੀ ਹੈ ਪਰ 'ਆਪ' ਕਨਵੀਨਰ ਦੇ ਵਕੀਲ ਨੇ ਅਦਾਲਤ ਨੂੰ ਦੱਸਿਆ ਕਿ ਅਰਵਿੰਦ ਕੇਜਰੀਵਾਲ ਬਿਮਾਰ ਹਨ ਅਤੇ ਉਨ੍ਹਾਂ ਨੂੰ ਇਲਾਜ ਦੀ ਲੋੜ ਹੈ।

# ਮੇਪਲ ਰਿੱਜ ਕ੍ਰਿਸ਼ਚੀਅਨ ਸੈਕੰਡਰੀ ਸਕੂਲ ਦੇ ਵਿਦਿਆਰਥੀ ਗੁਰਦੁਆਰਾ ਨਾਨਕ ਨਿਵਾਸ ਵਿਖੇ ਨਤਮਸਤਕ ਹੋਏ

**ਸਰੀ (ਕੈਨੇਡਾ) ਸਾਂਝੀ ਸੋਚ ਬਿਊਰੋ**



ਮੇਪਲ ਰਿੱਜ ਕ੍ਰਿਸ਼ਚੀਅਨ ਸੈਕੰਡਰੀ ਸਕੂਲ ਦੇ ਬਾਹਰਵੀਂ ਜਮਾਤ ਦੇ ਵਿਦਿਆਰਥੀ ਅਤੇ ਉਹਨਾਂ ਦੇ ਅਧਿਆਪਕ ਬੀਤੇ ਦਿਨ ਕੁਝ ਹੋਰ ਧਾਰਮਿਕ ਅਸਥਾਨਾਂ ਦੇ ਨਾਲ ਨਾਲ ਗੁਰਦੁਆਰਾ ਨਾਨਕ ਨਿਵਾਸ ਰਿਚਮੰਡ ਵਿਖੇ ਵੀ ਨਤਮਸਤਕ ਹੋਏ। ਉਹ ਸਿੱਖ ਧਰਮ ਅਤੇ ਸਾਊਥ ਏਸ਼ੀਅਨ ਕਮਿਊਨਿਟੀ ਅਤੇ ਕਲਚਰ ਬਾਰੇ ਜਾਣਕਾਰੀ ਹਾਸਲ ਕਰਨਾ ਚਾਹੁੰਦੇ ਸਨ।

ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਲਵੰਤ ਸਿੰਘ ਸੰਘੇੜਾ ਨੇ ਉਹਨਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਵਿਸਥਾਰ ਵਿਚ ਸਿੱਖ ਧਰਮ ਅਤੇ ਆਪਣੀ ਕਮਿਊਨਿਟੀ ਬਾਰੇ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੇ ਸਿੱਖ ਧਰਮ ਬਾਰੇ ਕੁਝ ਸਵਾਲ ਪੁੱਛੇ। ਇਸ ਸਿਲਸਲੇ ਵਿਚ ਉਹਨਾਂ ਦੇ ਅਧਿਆਪਕ ਰਿਜ ਪਾਰਕਸ ਨੇ ਕਿਹਾ ਕਿ ਵੱਖ ਵੱਖ ਧਰਮਾਂ ਬਾਰੇ ਜਾਣਕਾਰੀ ਹਾਸਿਲ ਕਰਨ ਨਾਲ ਵਿਦਿਆਰਥੀਆਂ ਦੇ ਗਿਆਨ ਅਤੇ ਸੋਚ ਵਿਚ ਬਹੁਤ ਵਾਧਾ ਹੁੰਦਾ ਹੈ। ਉਹਨਾਂ ਗੁਰਦੁਆਰਾ ਸਾਹਿਬ ਵਿਖੇ ਉਹਨਾਂ ਦਾ ਮਾਣ ਸਤਿਕਾਰ ਕਰਨ ਲਈ ਬਲਵੰਤ ਸਿੰਘ ਸੰਘੇੜਾ ਅਤੇ ਸਮੁੱਚੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ, ਕੁਝ ਯਾਦਗਾਰੀ ਤਸਵੀਰਾਂ ਖਿੱਚੀਆਂ ਅਤੇ ਗੁਰੂ ਕੇ ਲੰਗਰ ਦਾ ਆਨੰਦ ਮਾਣਿਆ।

## ਸ਼ਹੀਦੋਂ ਕੀ ਚਿਤਾਓਂ ਪੇ ਲਗੇਂਗੇ ਹਰ ਬਰਸ ਮੇਲੇ| ਵਤਨ ਪੇ ਮਿਟਣੇ ਵਾਲੋਂ ਕਾ ਬਾਕੀ ਯਹੀ ਨਿਸ਼ਾਂ ਹੋਗਾ ||











ਸ਼ਹੀਦਾਂ ਦੇ ਸਰਤਾਜ ਸ਼ਹੀਦ ਸ਼੍ਰੀ ਗੁਰੂ ਅਰਜਨ ਦੇਵ ਜੀ
ਸ਼ਹੀਦ ਬਾਬਾ ਨਿਹਾਲ ਸਿੰਘ ਜੀ ਤੇ ਸ਼ਹੀਦ ਬਾਬਾ ਹਰਨਾਮ ਸਿੰਘ ਜੀ ਤੱਲਣ ਵਾਲਿਆਂ ਦਾ

## ਸ਼ਹੀਦੀ ਜੋੜ ਮੇਲਾ ਬੜੇ ਹੀ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ|

ਮੁਡਿਸਟੋ ਸੀਰੀਜ਼ ਗੁਰਦਵਾਰਾ ਸਾਹਿਬ ਵਿਖੇ ਤੱਲਣ ਇਲਾਕੇ ਦੀ ਤੇ ਮੁਡਿਸਟੋ ਸੀਰੀਜ਼ ਇਲਾਕੇ ਦੀ ਸੰਗਤ ਵੱਲੋਂ

**2 ਅਖੰਡ ਪਾਠ ਸਾਹਿਬ ਦੀ ਅਰੰਭਤਾ**
**14 ਜੂਨ, 2024 ਦਿਨ ਸ਼ੁੱਕਰਵਾਰ**

**ਭੋਗ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ**
**16 ਜੂਨ, 2024 ਦਿਨ ਐਤਵਾਰ**

**12 ਜੂਨ,2024 ਤੋਂ 15 ਜੂਨ, 2024 ਤੱਕ**
**ਰੋਜ਼ਾਨਾ ਸ਼ਾਮ 6 ਵਜੇ ਤੋਂ 8:30 ਵਜੇ ਤੱਕ ਕਥਾ- ਕੀਰਤਨ ਤੇ ਦੀਵਾਨ**
**ਭਾਈ ਮਨਜੀਤ ਸਿੰਘ ਜੀ ਅਤੇ ਭਾਈ ਅਮਰਜੀਤ ਸਿੰਘ ਜੀ ਵੱਲੋਂ**





**16 ਜੂਨ,2024 ਨੂੰ ਭੋਗ ਉਪਰੰਤ ਗੁਰੂ ਘਰ ਦੇ**
**ਹਜ਼ੂਰੀ ਰਾਗੀ ਭਾਈ ਪਿਰਥੀਪਾਲ ਸਿੰਘ ਅਤੇ ਜਥਾ**
**ਅਤੇ ਢਾਡੀ ਜਥਾ ਭਾਈ ਸਰਬਜੀਤ ਸਿੰਘ ਸਾਜਨ**
**ਸੰਗਤਾਂ ਨੂੰ ਢਾਡੀ ਵਾਰਾਂ ਨਾਲ ਨਿਹਾਲ ਕਰਨਗੇ**


Dhadi Jatha Bhai Sarbjit Singh Sajjan

**ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :- ਜਰਨੈਲ ਸਿੰਘ ਬੈਂਸ: (209) 872-3070**
**ਪਰਮਜੀਤ ਸਿੰਘ ਤੱਲਣ: (209) 702-4649, ਅਸ਼ੋਕ ਵਰਮਾ : (209) 681-5171**

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ।।

IN LOVING MEMORY OF

# Hardeep Singh



NOVEMBER 10, 1974 - MAY 29, 2024

*Funeral Service With Cremation*
Allen Mortuary
247 N Broadway Turlock, California
Wednesday, June 5, 2024 (10:00 - 12:00 PM)

*Cremation to follow service at*
Gurdwara Sahib Sikh Temple
5743 E Hatch Rd
Hughscn, CA 95326 United States

# JK TYRE INC

JK TYRE
TOTAL CONTROL

## KTD10-LEAO
Radial Truck Tire (Long Haul)



295/75R22.5
$2600

With Installation
Singh: 510-766-9382

## JK JETSTEEL JDH

SPECIAL OFFER !!



DRIVE TIRE
11R22.5-

With Installation
Singh: 510-766-9382

## Firestone FS591

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

## Sizes available in drive & trailer

295/75/22.5
11r/22.5
11r/24.5
255/70/22.5
315/80/22.5
425/65/22.5

## JETWAY JTH 1

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

## JETWAY JTH SD

SPECIAL OFFER !!



TRAILER TIRE
295/75R22.5-

With Installation
Singh: 510-766-9382

## JK JETSTEEL JDL2

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI · MICHELIN A better way forward · BRIDGESTONE · Firestone · YOKOHAMA · PEARLY · NAMA · TOYO TIRES driven to perform · Continental · DUNLOP TIRES

# S. Singh Cell: (510) 766-9382

2955 N. Wilson Way Stockton , CA 95205

# ਚੇਨਈ-ਮੁੰਬਈ ਇੰਡੀਗੋ ਜਹਾਜ਼ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਬਾਅਦ ਹੰਗਾਮੀ ਹਾਲਤ 'ਚ ਉਤਾਰਿਆ

**ਮੁੰਬਈ**
**ਸਾਂਝੀ ਸੋਚ ਬਿਊਰੋ**




ਬੰਬ ਨਾਲ ਉਡਾਉਣ ਦੀ ਧਮਕੀ ਬਾਅਦ 172 ਵਿਅਕਤੀਆਂ ਦੇ ਨਾਲ ਚੇਨਈ ਤੋਂ ਮੁੰਬਈ ਜਾ ਰਹੀ ਇੰਡੀਗੋ ਦੀ ਉਡਾਣ ਅੱਜ ਇਥੇ ਹੰਗਾਮੀ ਹਾਲਤ ਵਿੱਚ ਉਤਰ ਗਈ।

ਜਹਾਜ਼ ਸਵੇਰੇ 8.45 ਵਜੇ ਦੇ ਕਰੀਬ ਉਤਰਿਆ ਅਤੇ ਯਾਤਰੀਆਂ ਨੂੰ ਸਟੈੱਪ ਲੈਡਰ ਦੀ ਮਦਦ ਨਾਲ ਉਤਾਰਿਆ ਗਿਆ। ਪਿਛਲੇ ਹਫ਼ਤੇ ਇੰਡੀਗੋ ਦੀ ਉਡਾਣ ਨਾਲ ਜੁੜੀ ਇਹ ਦੂਜੀ ਘਟਨਾ ਹੈ।

28 ਮਈ ਨੂੰ ਦਿੱਲੀ ਤੋਂ ਇੰਡੀਗੋ ਦੀ ਵਾਰਾਨਸੀ ਉਡਾਣ ਨੂੰ ਕਥਿਤ ਤੌਰ 'ਤੇ ਬੰਬ ਦੀ ਧਮਕੀ ਮਿਲੀ ਸੀ।

# ਸਾਬਕਾ ਅਮਰੀਕੀ ਰਾਸ਼ਟਰਪਤੀ ਬਰਾਕ ਓਬਾਮਾ ਦੀ ਸੱਸ ਦਾ ਦੇਹਾਂਤ

**ਨਿਊਯਾਰਕ**
**ਸਾਂਝੀ ਸੋਚ ਬਿਊਰੋ**

ਅਮਰੀਕਾ ਦੀ ਸਾਬਕਾ ਪ੍ਰਥਮ ਮਹਿਲਾ ਮਿਸ਼ੇਲ ਓਬਾਮਾ ਦੀ ਮਾਂ ਮਰੀਆਂ ਸ਼ੀਲਡਸ ਰੌਬਿਨਸਨ ਦਾ ਦੇਹਾਂਤ ਹੋ ਗਿਆ ਹੈ। ਉਹ 86 ਸਾਲ ਦੇ ਸਨ। ਉਹ ਆਪਣੇ ਜਵਾਈ ਬਰਾਕ ਓਬਾਮਾ ਰਾਸ਼ਟਰਪਤੀ ਚੁਣੇ ਜਾਣ ਬਾਅਦ ਪਰਿਵਾਰ ਨਾਲ ਵ੍ਹਾਈਟ ਹਾਊਸ ਵਿਚ ਰਹੀ ਸੀ। ਮਿਸ਼ੇਲ ਓਬਾਮਾ ਅਤੇ ਹੋਰ ਪਰਿਵਾਰਕ ਮੈਂਬਰਾਂ ਨੇ ਰੌਬਿਨਸਨ ਦੀ ਮੌਤ ਦੀ ਜਾਣਕਾਰੀ ਦਿੱਤੀ। ਰੌਬਿਨਸਨ ਦੀ ਮੌਤ ਤੋਂ ਪਹਿਲਾਂ ਉਨ੍ਹਾ ਦੇ ਪਤੀ ਦੀ ਮੌਤ ਹੋ ਚੁੱਕੀ ਸੀ।



# ਜੁੜਵਾ ਭੈਣ ਭਰਾ ਬਲਜਿੰਦਰ ਸਿੰਘ ਅਤੇ ਗੁਰਲੀਨ ਕੌਰ ਨੇ ਪਹਿਲੀ ਵਾਰ ਵੋਟ ਪਾ ਕੇ ਨੌਜਵਾਨਾਂ ਨੂੰ ਮਤਦਾਨ ਕਰਨ ਦਾ ਦਿੱਤਾ ਸੁਨੇਹਾ







**ਮਾਨਸਾ**
**ਸਾਂਝੀ ਸੋਚ ਬਿਊਰੋ**

ਲੋਕ ਸਭਾ ਚੋਣਾਂ-2024 ਸਬੰਧੀ ਪਈਆਂ ਵੋਟਾਂ ਦੌਰਾਨ ਜ਼ਿਲ੍ਹੇ ਦੇ ਵੋਟਰਾਂ 'ਚ ਉਤਸ਼ਾਹ ਵੇਖਣ ਨੂੰ ਮਿਲਿਆ। ਜ਼ਿਲ੍ਹੇ ਦੇ ਬਜ਼ੁਰਗ, ਦਿਵਿਆਂਗ ਅਤੇ ਪਹਿਲੀ ਵਾਰ ਵੋਟ ਪਾਉਣ ਵਾਲੇ ਨੌਜਵਾਨਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਫ਼ੋ ਸਰਟੀਫਿਕੇਟ ਦੇ ਕੇ ਉਨ੍ਹਾਂ ਦਾ ਹੌਸਲਾ ਵਧਾਇਆ ਗਿਆ।ਪੋਲਿੰਗ ਪ੍ਰਕਿਰਿਆ ਦੌਰਾਨ ਪਿੰਕ, ਗਰੀਨ, ਯੂਥ ਅਤੇ ਪੀ.ਡਬਲਿਊ.ਡੀ. ਪੋਲਿੰਗ ਸਟੇਸ਼ਨਾਂ ਦੀ ਵੀ ਵਿਸ਼ੇਸ਼ ਅਹਿਮੀਅਤ ਰਹੀ। ਨੌਜਵਾਨ ਪੀੜ੍ਹੀ ਵਿਚ ਪਹਿਲੀ ਵਾਰ ਵੋਟ ਪਾਉਣ ਵਾਲੇ ਜੁੜਵਾ ਭੈਣ ਭਰਾ ਬਲਜਿੰਦਰ ਸਿੰਘ ਅਤੇ ਗੁਰਲੀਨ ਕੌਰ ਵਾਸੀ ਵਾਰਡ ਨੰਬਰ 04, ਪ੍ਰੀਤ ਨਗਰ ਨੇ ਜਿੱਥੇ ਵੋਟ ਪਾਉਣ 'ਤੇ ਫ਼ਖ਼ਰ ਮਹਿਸੂਸ ਕੀਤਾ, ਉੱਥੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕਰਨ 'ਤੇ ਮਿਲੇ ਸਨਮਾਨ ਵਜੋਂ ਖੁਸ਼ੀ ਮਹਿਸੂਸ ਕੀਤੀ ਅਤੇ ਹੋਰਨਾਂ ਨੌਜਵਾਨਾਂ ਨੂੰ ਆਪਣੀ ਸੂਝ ਬੂਝ ਨਾਲ ਬਿਨ੍ਹਾਂ ਕਿਸੇ ਲਾਲਚ ਤੋਂ ਆਪਣੀ ਵੋਟ ਪਾਉਣ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ 100 ਸਾਲ ਤੋਂ ਵਧੇਰੇ ਦੀ ਉਮਰ ਦੇ ਬਜ਼ੁਰਗ ਗੁਰਬਚਨ ਸਿੰਘ ਅਤੇ 87 ਸਾਲ ਦੀ ਬਜ਼ੁਰਗ ਬੀਬੀ ਕੌਰ ਨੇ ਆਪਣੀ ਵੋਟ ਦਾ ਇਸਤੇਮਾਲ ਕਰਕੇ ਹਰ ਇਕ ਨਾਗਰਿਕ ਨੂੰ ਲਾਜ਼ਮੀ ਤੌਰ 'ਤੇ ਮਤਦਾਨ ਕਰਕੇ ਲੋਕਤੰਤਰ ਵਿਚ ਆਪਣੀ ਭਾਗੀਦਾਰੀ ਯਕੀਨੀ ਬਣਾਉਣ ਦਾ ਸੁਨੇਹਾ ਦਿੱਤਾ।

ਜ਼ਿਲ੍ਹਾ ਚੋਣ ਅਫ਼ਸਰ ਪਰਮਵੀਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਦੇ 03 ਵਿਧਾਨ ਸਭਾ ਹਲਕਿਆਂ ਵਿੱਚ ਲੋਕਾਂ ਨੂੰ ਵੱਧ ਤੋ ਵੱਧ ਵੋਟ ਪਾਉਣ ਲਈ ਪ੍ਰੇਰਿਤ ਕਰਨ ਲਈ 'ਯੂਥ ਚੱਲਿਆ ਬੂਥ' ਦੇ ਨਾਅਰੇ ਹੇਠ ਵਿਸ਼ੇਸ਼ ਪੈਦਲ ਮਾਰਚ ਦਾ ਆਯੋਜਨ ਕੀਤਾ ਗਿਆ। ਇਸ ਤੋਂ ਇਲਾਵਾ ਪਿੰਡ ਕੋਟਧਰਮੂ ਵਿਖੇ ਵੋਟਰ ਜਾਗਰੂਕਤਾ ਮੁਹਿੰਮ ਸਵੀਪ ਤਹਿਤ ਵਿਦਿਆਰਥੀਆਂ ਦੇ ਵਾਲ ਪੇਟਿੰਗ ਮੁਕਾਬਲੇ ਕਰਵਾ ਕੇ ਲੋਕਾਂ ਨੂੰ ਵੋਟ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਨਾਲ ਜ਼ਿਲ੍ਹੇ ਦੇ ਲੋਕਾਂ 'ਚ ਵੋਟਾਂ ਪਾਉਣ ਦਾ ਕਾਫੀ ਰੁਝਾਨ ਵੇਖਣ ਨੂੰ ਮਿਲਿਆ।

# ਦਾਖਾ ਦੇ ਵੋਟਰ ਮਾਣ ਰਹੇ ਆਨੰਦ ਪੋਲਿੰਗ ਬੂਥ 'ਤੇ ਵਿਆਹ ਵਰਗਾ ਮਾਹੌਲ

**ਦਾਖਾ**
**ਸਾਂਝੀ ਸੋਚ ਬਿਊਰੋ**

ਸ਼ਹੀਦ ਕਰਨਲ ਹਰਚਰਨ ਸਿੰਘ ਸੇਖੋਂ ਯਾਦਗਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦਾਖਾ ਵਿਖੇ ਲੋਕ ਸਭਾ ਚੋਣਾਂ ਲਈ ਮਾਡਲ ਬੂਥ, ਪਿੰਕ ਬੂਥ ਅਤੇ ਬਜ਼ੁਰਗਾਂ ਲਈ ਪੀ.ਡਬਲਯੂ.ਡੀ. ਬਜ਼ੁਰਗਾਂ ਵਾਸਤੇ ਬਣਾਇਆ ਹੋਇਆ ਹੈ । ਵਿਆਹ ਵਾਂਗ ਟੈਂਟ ਲਗਾ ਕੇ ਸਵਾਗਤੀ ਗੇਟ ਸਜਾਏ ਹੋਏ ਹਨ। ਉੱਥੇ ਸਰਕਾਰੀ ਸਕੂਲ ਦੇ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਜਾ ਰਿਹਾ ਹੈ ਇਸ ਤੋਂ ਇਲਾਵਾ ਵਿਰਾਸਤ ਨੂੰ ਉਜਾਗਰ ਕਰਦਿਆਂ ਆਟਾ ਚੱਕੀ, ਕਲਚਰ ਪਾਰਕ ਦੀ ਨੁਮਾਇਸ਼ ਪ੍ਰਿੰਸੀਪਲ ਜਸਪ੍ਰੀਤ ਕੌਰ ਦੀ ਅਗਵਾਈ ਵਿਚ ਲਗਾਈ ਗਈ ਹੈ। ਸਾਰੇ ਬੂਥਾਂ ਅੰਦਰ ਅਤੇ ਬਾਹਰ ਕਾਰਪੇਟ ਵਿਛਾਏ ਹੋਏ ਹਨ। ਇਲੈਕਸ਼ਨ ਕਮਿਸ਼ਨ ਦੀਆਂ ਹਦਾਇਤਾਂ ਤੇ ਬੀ.ਐੱਲ.ਓ. ਗੁਰਪ੍ਰੀਤ ਸਿੰਘ, ਰਣਜੀਤ ਸਿੰਘ ਅਤੇ ਸਵਰਨ ਸਿੰਘ ਵੱਲੋਂ ਜਿੱਥੇ ਵੋਟਰਾਂ ਦਾ ਭਰਵਾਂ ਸਵਾਗਤ ਕੀਤਾ ਜਾ ਰਿਹਾ ਹੈ। ਉੱਥੇ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਹੋਈ ਹੈ।






# ਸਰਹੱਦੀ ਪਿੰਡ ਲੱਖੂਵਾਲ 'ਚ ਲੋਕਾਂ ਵੱਲੋਂ ਵੋਟਾਂ ਦਾ ਬਾਈਕਾਟ

**ਅਜਨਾਲਾ**
**ਸਾਂਝੀ ਸੋਚ ਬਿਊਰੋ**

ਬੀਤੀ ਰਾਤ ਸਰਹੱਦੀ ਪਿੰਡ ਲੱਖੂਵਾਲ ਵਿਚ ਕੁਝ ਅਣਪਛਾਤਿਆਂ ਵੱਲੋਂ ਗੋਲੀਆਂ ਮਾਰਕੇ ਨੌਜਵਾਨ ਦਾ ਕਤਲ ਕਰਨ ਅਤੇ ਚਾਰ ਨੂੰ ਜ਼ਖ਼ਮੀ ਕਰਨ ਦੇ ਰੋਸ ਵਜੋਂ ਅੱਜ ਲੋਕਾਂ ਨੇ ਪਿੰਡ ਦੇ ਸਾਰੇ ਪੋਲਿੰਗ ਬੂਥਾਂ ਨੂੰ ਬੰਦ ਕਰ ਦਿੱਤਾ ਅਤੇ ਕੋਈ ਵੋਟ ਨਹੀਂ ਪੈਣ ਦਿੱਤੀ।




ਅੱਜ ਸਵੇਰੇ ਕੁਝ ਲੋਕਾਂ ਵਲੋਂ ਵੋਟਾਂ ਨਾ ਪਾਉਣ ਦਾ ਸੱਦਾ ਦਿੱਤਾ ਸੀ ਅਤੇ ਜਿਉਂ ਹੀ ਸਟਾਫ ਨੇ ਬੂਥਾਂ ਉਪਰ ਕੰਮ ਸ਼ੁਰੂ ਕੀਤਾ ਤਾਂ ਲੋਕਾਂ ਨੇ ਆ ਕੇ ਰੋਕ ਦਿੱਤਾ।

ਕਤਲ ਕਾਰਨ ਲੋਕਾਂ ਵਿਚ ਭਾਰੀ ਰੋਸ ਸੀ।

ਪੁਲਿਸ ਵਲੋਂ ਮਾਮਲਾ ਦਰਜ ਕਰਕੇ ਦੋਸ਼ੀਆਂ ਦੀ ਭਾਲ ਕੀਤੀ ਜਾ ਰਹੀ ਹੈ।




ਸਮੁੱਚੀ ਲੋਕਾਈ ਨੂੰ ਸਾਂਝੀਵਾਲਤਾ ਦਾ ਉਪਦੇਸ਼ ਦੇਣ ਵਾਲੇ

# ਮਹਾਨ ਸੰਤ ਅਤੇ ਕਵੀ ਭਗਤ ਕਬੀਰ ਜੀ ਦੇ ਆਗਮਨ ਪੂਰਬ ਸੰਬੰਧੀ

ਸਰਬੱਤ ਦੇ ਭਲੇ ਲਈ

## ਸ੍ਰੀ ਅਖੰਡ ਪਾਠ ਸਾਹਿਬ ਅਤੇ ਕਥਾ -ਕੀਰਤਨ

19,20 ਅਤੇ 21 ਜੁਲਾਈ ਦਿਨ ਸ਼ੁੱਕਰ, ਸ਼ਨੀ ਅਤੇ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ |

**ਸੰਗਤ ਤੇ ਸੇਵਾਦਾਰਾਂ ਦੇ ਪਰਿਵਾਰਾਂ ਵੱਲੋਂ ਸੇਵਾ**

19 ਜੁਲਾਈ, 2024
( ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ )

21 ਜੁਲਾਈ ,2024
( ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ )

ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵੀ ਕੀਰਤਨ ਦੀਵਾਨ ਸੱਜਣਗੇ ਤੇ ਸੰਗਤਾਂ ਨੂੰ ਮਹਾਨ ਕੀਰਤਨੀਆਂ ਤੇ ਰਾਗੀਆਂ ਵੱਲੋਂ ਨਿਹਾਲ ਕੀਤਾ ਜਾਵੇਗਾ ।

**ਸੇਵਾਦਾਰ ਪਰਿਵਾਰਾਂ ਵੱਲੋਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ |**

ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਪਹੁੰਚੋ ਤੇ ਆਪਣੀਆਂ ਹਾਜ਼ਰੀਆਂ ਲਗਵਾਓ ਜੀ

**ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :**

ਰਮੇਸ਼ ਸੁਮਨ : (925) 366 3618 | ਦਿਲਬਾਗ਼ ਸਿੰਘ (209) 834 4641 | ਵਿਨੋਦ ਕੁਮਾਰ : +1 (408) 718-2506

SRI GURU RAVIDASS TEMPLE: 2150 CRESTVIEW DRIVE, PITTSBURG, CA 94565



# GINNY BEDI LAW PC



**Ginny Bedi Attorney**

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

**ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।**

**255 N Market St Ste 150 San Jose CA 95110**

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com

E-MAIL:SALES@ezeldsolutions.com

# EZ ELD SOLUTIONS
LOGBOOKS MADE EASY



## TRACK YOUR TRUCK WITH
## EZ TRUCK SOLUTION

ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ

FMCSA Complaint & Affordable
The Power of telematics in the palm of your hand
Compliance | Asset Tracking | Management

**$100** HARDWARE
ONE-TIME FEE



**$20** MONTHLY
SUBSCRIPTION






24/7 TECHNICAL SUPPORT IN
ENGLISH,SPANISH AND PUNJABI.

CALL NOW +1 (800) 556-7105

Official Address : 2301 W Belmont ave, Fresno, CA 93727

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

**Email: palfilms@yahoo.com, palfilms925@gmail.com, www.palfilms.com**

**4007 Railroad Ave
Pittsburgh, CA 94565**

# ਜ਼ਿਲ੍ਹਾ ਚੋਣ ਅਫ਼ਸਰ ਪਰਮਵੀਰ ਸਿੰਘ ਨੇ ਕੀਤਾ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ

ਮਾਨਸਾ ਸਾਂਝੀ ਸੋਚ ਬਿਊਰੋ



ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਪਰਮਵੀਰ ਸਿੰਘ ਨੇ ਆਰੀਆ ਸੀਨੀਅਰ ਸੈਕੰਡਰੀ ਸਕੂਲ, ਮਾਨਸਾ ਵਿਖੇ ਸਥਾਪਿਤ ਪੋਲਿੰਗ ਬੂਥ ਨੰਬਰ 82 'ਤੇ ਵੋਟ ਪਾਉਣ ਲਈ ਲੱਗੀ ਲਾਈਨ ਵਿਚ ਲੱਗ ਕੇ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕੀਤਾ। ਇਸ ਮੌਕੇ ਲੋਕਾਂ ਨੂੰ ਸੁਨੇਹਾ ਦਿੰਦਿਆਂ ਉਨ੍ਹਾਂ ਕਿਹਾ ਕਿ ਚੋਣਾਂ ਦੇ ਇਸ ਪਰਵ ਵਿਚ ਹਰ ਇਕ ਵੋਟਰ ਨੂੰ ਆਪਣੀ ਭਾਗੀਦਾਰੀ ਯਕੀਨੀ ਬਣਾਉਣੀ ਚਾਹੀਦੀ ਹੈ। ਹਰੇਕ ਜ਼ਿਲ੍ਹਾ ਵਾਸੀ ਨੂੰ ਇਕ ਜ਼ਿੰਮੇਵਾਰ ਨਾਗਰਿਕ ਹੋਣ ਦੇ ਨਾਤੇ ਸੰਵਿਧਾਨਿਕ ਤੌਰ 'ਤੇ ਮਿਲੇ ਵੋਟ ਦੇ ਹੱਕ ਦੀ ਵਰਤੋਂ ਲਾਜ਼ਮੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਬਿਨ੍ਹਾਂ ਡਰ, ਭੈਅ, ਲਾਲਚ, ਧਰਮ, ਵਰਗ, ਜਾਤੀ, ਭਾਈਚਾਰੇ, ਭਾਸ਼ਾ ਜਾਂ ਹੋਰ ਕਿਸੇ ਵੀ ਲਾਲਚ ਦੇ ਪ੍ਰਭਾਵ ਤੋਂ ਬਿਨ੍ਹਾਂ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਹਰੇਕ ਦੂਜੇ ਲੋਕਾਂ ਨੂੰ ਵੀ ਵੋਟ ਦੀ ਮਹੱਤਤਾ ਬਾਰੇ ਪ੍ਰੇਰਿਤ ਕਰੀਏ ਤਾਂ ਜੋ ਕੋਈ ਵੀ ਵੋਟਰ ਵੋਟ ਦੇ ਹੱਕ ਤੋਂ ਵਾਂਝਾ ਨਾ ਰਹੇ। ਉਨ੍ਹਾਂ ਪਹਿਲੀ ਵਾਰ ਵੋਟ ਪਾਉਣ ਵਾਲੇ ਨੌਜਵਾਨਾਂ ਨੂੰ ਆਪਣੀ ਸਮਝ ਅਤੇ ਪੂਰੇ ਉਤਸ਼ਾਹ ਨਾਲ ਵਧ ਚੜ੍ਹ ਕੇ ਵੋਟ ਪਾਉਣ ਦੀ ਅਪੀਲ ਕੀਤੀ।

# ਲੋਕ ਸਭਾ ਚੋਣਾਂ ਸੰਬੰਧੀ ਸਰਹੱਦੀ ਕਸਬਾ ਖੇਮਕਰਨ ਵਿਖੇ ਵੋਟਰਾਂ ਦਾ ਉਤਸ਼ਾਹ ਮਿਲਿਆ ਜੁਲਿਆ ਦਿਖਾਈ ਦਿੱਤਾ

ਖੇਮਕਰਨ ਮਨਜੀਤ ਸ਼ਰਮਾ

ਲੋਕ ਸਭਾ ਚੋਣਾਂ ਦੇ ਸਬੰਧ ਵਿੱਚ ਅੱਜ ਹਲਕਾ ਖਡੂਰ ਸਾਹਿਬ ਅਧੀਨ ਪੈਂਦੇ ਵਿਧਾਨ ਸਭਾ ਹਲਕਾ ਖੇਮਕਰਨ ਦੀਆਂ ਕੁੱਲ 13 ਵਾਰਡਾਂ ਦੇ 10 ਬੂਥਾਂ 'ਤੇ ਵੋਟਿੰਗ ਦਾ ਕੰਮ ਸਵੇਰ ਸਾਰ ਹੀ ਸ਼ੁਰੂ ਹੋ ਗਿਆ।

ਜਿਸ ਵਿੱਚ ਖੇਮਕਰਨ ਦੇ ਵੱਖ-ਵੱਖ ਪੋਲਿੰਗ ਬੂਥਾਂ 'ਤੇ 9921 ਵੋਟਾਂ ਪਈਆਂ ਸ਼ਾਮ ਤੱਕ ਕੁੱਲ 5328 ਵੋਟਾਂ 55 ਫੀਸਦੀ ਤੱਕ ਪੋਲ ਹੋਈਆਂ, ਜਦੋਂ ਕਿ ਦੁਪਹਿਰ ਸਮੇਂ ਵਧਦੀ ਗਰਮੀ ਕਾਰਨ 1 ਵਜੇ ਤੋਂ ਲੈ ਕੇ 3 ਵਜੇ ਤੱਕ ਵੋਟਾਂ ਪਾਉਣ ਲਈ ਲੋਕਾਂ ਦੀ ਗਿਣਤੀ ਘੱਟ ਦਿਖਾਈ ਦਿੱਤੀ ਅਤੇ ਫਿਰ ਸ਼ਾਮ ਨੂੰ ਲੋਕ ਪੋਲਿੰਗ ਬੂਥਾਂ 'ਤੇ ਪਹੁੰਚ ਗਏ। ਦੀ ਜ਼ਿੰਮੇਵਾਰੀ ਨੂੰ ਪੂਰਾ ਕੀਤਾ।

ਇਸ ਦੌਰਾਨ ਵੱਖ-ਵੱਖ ਪਾਰਟੀਆਂ ਦੇ ਸਮਰਥਕਾਂ ਅਤੇ ਵਰਕਰਾਂ ਨੇ ਪੋਲਿੰਗ ਨੂੰ ਲੈ ਕੇ ਤਸੱਲੀ ਪ੍ਰਗਟਾਈ ਅਤੇ ਵੋਟਾਂ ਸ਼ਾਂਤੀਪੂਰਵਕ ਨੇਪਰੇ ਚੜ੍ਹ ਗਈਆਂ। ਖੇਮਕਰਨ ਵਿਖੇ ਕੁਲ 9921 ਵੋਟਾਂ ਵਿਚੋਂ ਕੁਲ 5328 ਲੋਕਾਂ ਨੇ ਆਪਣੇ ਮਤ ਦਾ ਇਸਤੇਮਾਲ ਕੀਤਾ। ਕਸਬੇ ਦੇ ਲੋਕਾਂ ਵਿਚ ਵੋਟਾਂ ਵੱਲ ਰੁਝਾਣ ਅੱਤ ਦੀ ਗਰਮੀ ਅਤੇ ਪ੍ਰਚਾਰ ਦੀ ਘਾਟ ਦੱਸਿਆ ਜਾ ਰਿਹਾ ਹੈ।



# ਮਾਨਸਾ ਜ਼ਿਲ੍ਹੇ ਵਿੱਚ ਸ਼ਾਂਤੀਪੂਰਵਕ ਢੰਗ ਨਾਲ ਵੋਟਿੰਗ ਦਾ ਕੰਮ ਨੇਪਰੇ ਚੜ੍ਹਿਆ- ਜ਼ਿਲ੍ਹਾ ਚੋਣ ਅਫ਼ਸਰ

ਮਾਨਸਾ ਸਾਂਝੀ ਸੋਚ ਬਿਊਰੋ

ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਮਾਨਸਾ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਿਆਂ 96-ਮਾਨਸਾ, 97-ਸਰਦੂਲਗੜ੍ਹ ਅਤੇ 98-ਬੁਢਲਾਡਾ ਵਿੱਚ ਚੋਣ ਪ੍ਰਕਿਰਿਆ ਵੋਟਰਾਂ ਦੇ ਸਹਿਯੋਗ ਸਦਕਾ ਸ਼ਾਂਤੀਪੂਰਵਕ ਢੰਗ ਨਾਲ ਮੁਕੰਮਲ ਹੋਈ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨੇ ਦਿੱਤੀ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਜ਼ਿਲ੍ਹੇ ਵਿੱਚ ਸ਼ਾਮ 05 ਵਜੇ ਤੱਕ ਵੋਟਾਂ ਪਾਉਣ ਦੀ ਪ੍ਰਤੀਸ਼ਤਤਾ 63.95 ਫ਼ੀਸਦੀ ਰਹੀ ਹੈ। ਉਨਾਂ ਦੱਸਿਆ ਕਿ ਵਿਧਾਨ ਸਭਾ ਚੋਣ ਹਲਕਾ 96-ਮਾਨਸਾ ਵਿੱਚ 60.3 ਫ਼ੀਸਦੀ, 97-ਸਰਦੂਲਗੜ੍ਹ ਵਿੱਚ 65.3 ਫ਼ੀਸਦੀ ਅਤੇ 98-ਬੁਢਲਾਡਾ ਵਿੱਚ 66.3 ਫ਼ੀਸਦੀ ਵੋਟਾਂ ਸ਼ਾਮ 05 ਵਜੇ ਤੱਕ ਪਈਆਂ। ਉਨਾਂ ਦੱਸਿਆ ਕਿ ਅੱਜ ਦੀ ਪੋਲਿੰਗ ਦੌਰਾਨ ਪਹਿਲੀ ਵਾਰ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰ ਰਹੇ 18 ਸਾਲ ਦੇ ਨੌਜਵਾਨਾਂ ਤੋਂ ਇਲਾਵਾ ਬਜ਼ੁਰਗ ਅਤੇ ਦਿਵਿਆਂਗ ਵੋਟਰਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।



ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਅੱਜ ਪਈਆਂ ਵੋਟਾਂ ਦੀ ਗਿਣਤੀ ਦੇ ਨਤੀਜੇ ਆਉਣ ਵਾਲੀ 04 ਜੂਨ, 2024 ਨੂੰ ਆਉਣਗੇ। ਐਸ.ਐਸ.ਪੀ. ਡਾ. ਨਾਨਕ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਕਿਸੇ ਵੀ ਥਾਂ ਕੋਈ ਅਣਸੁਖਾਵੀਂ ਘਟਨਾ ਨਹੀਂ ਵਾਪਰੀ ਅਤੇ ਪੁਲਿਸ ਅਤੇ ਪੈਰਾ ਮਿਲਟਰੀ ਫੋਰਸ ਦੀ ਕਰੜੀ ਨਿਗਰਾਨੀ ਹੇਠ ਵੋਟਾਂ ਦਾ ਕੰਮ ਅਮਨ-ਸ਼ਾਂਤੀ ਨਾਲ ਨੇਪਰੇ ਚੜ੍ਹ ਗਿਆ ਹੈ। ਇਸ ਸਮੁੱਚੀ ਵੋਟਿੰਗ ਪ੍ਰਕਿਰਿਆ ਨੂੰ ਸ਼ਾਂਤੀਪੂਰਵਕ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਪਰਮਵੀਰ ਸਿੰਘ ਅਤੇ ਐਸ.ਐਸ.ਪੀ. ਡਾ. ਨਾਨਕ ਸਿੰਘ ਨੇ ਵੋਟਰਾਂ, ਰਾਜਸੀ ਪਾਰਟੀਆਂ, ਅਧਿਕਾਰੀਆਂ/ਮੁਲਾਜ਼ਮਾਂ, ਪੁਲਿਸ ਤੇ ਅਰਧ ਸੈਨਿਕ ਬਲਾਂ ਦਾ ਧੰਨਵਾਦ ਕੀਤਾ।

# ਇਸ ਵਾਰ ਦੀ ਵੋਟ ਅੰਮ੍ਰਿਤਸਰ ਦੇ ਵਿਕਾਸ ਲਈ ਹੋਵੇ: ਸੰਧੂ ਸਮੁੰਦਰੀ

ਅੰਮ੍ਰਿਤਸਰ ਡਾ.ਰਾਜਿੰਦਰ ਰਿਖੀ

ਭਾਰਤੀ ਜਨਤਾ ਪਾਰਟੀ ਦੇ ਅੰਮ੍ਰਿਤਸਰ ਹਲਕੇ ਤੋਂ ਉਮੀਦਵਾਰ ਸਾਬਕਾ ਕੂਟਨੀਤਕ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਗਰੀਨ ਐਵੀਨਿਊ ਸਥਿਤ ਸ਼ਹਿਜ਼ਾਦਾ ਨੰਦ ਕਾਲਜ ਦੇ ਬੂਥ ਨੰਬਰ 17 ਵਿਖੇ ਆਪਣੀ ਵੋਟ ਪਾਈ। ਇਸ ਤੋਂ ਪਹਿਲਾਂ ਸੰਧੂ ਸਮੁੰਦਰੀ ਨੇ ਰਣਜੀਤ ਐਵੀਨਿਊ ਸਥਿਤ ਗੁਰਦੁਆਰਾ ਛੱਤੀ ਪਾਤਸ਼ਾਹੀ ਅਤੇ ਫਿਰ ਗ੍ਰੀਨ ਐਵੀਨਿਊ ਸਥਿਤ ਸ੍ਰੀ ਰਾਧਾ ਕ੍ਰਿਸ਼ਨ ਮੰਦਰ ਵਿਖੇ ਮੱਥਾ ਟੇਕਿਆ।



ਵੋਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਧੂ ਸਮੁੰਦਰੀ ਨੇ ਕਿਹਾ ਕਿ ਅੱਜ ਭਾਰਤ ਵਿੱਚ ਦੁਨੀਆ ਦੀ ਸਭ ਤੋਂ ਵੱਡੀ ਲੋਕਤੰਤਰੀ ਕਵਾਇਦ ਹੋ ਰਹੀ ਹੈ। ਅੱਜ ਪੂਰੀ ਦੁਨੀਆ ਦੀਆਂ ਨਜ਼ਰਾਂ ਭਾਰਤ 'ਤੇ ਟਿਕੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਅੱਜ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਆਪਣੀ ਵੋਟ ਦਾ ਇਸਤੇਮਾਲ ਕਰਨਾ ਚਾਹੀਦਾ ਹੈ, ਖ਼ਾਸ ਕਰਕੇ ਮੈਂ ਅੰਮ੍ਰਿਤਸਰ ਵਾਸੀਆਂ ਨੂੰ ਕਹਿਣਾ ਚਾਹੁੰਦਾ ਹਾਂ ਕਿ ਇਸ ਵਾਰ ਅੰਮ੍ਰਿਤਸਰ ਵਿੱਚ ਵੋਟ ਨਸ਼ਿਆਂ ਅਤੇ ਭ੍ਰਿਸ਼ਟਾਚਾਰ ਦੇ ਖ਼ਿਲਾਫ਼ ਅਤੇ ਅੰਮ੍ਰਿਤਸਰ ਦੇ ਵਿਕਾਸ ਅਤੇ ਤਰੱਕੀ ਲਈ ਹੋਣੀ ਚਾਹੀਦੀ ਹੈ।

ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਇਸ ਵਾਰ ਲੋਕ ਜਾਗਰੂਕ ਹੋ ਗਏ ਹਨ ਅਤੇ ਭਾਜਪਾ ਨੂੰ ਭਾਰੀ ਸਮਰਥਨ ਦਿੱਤਾ ਹੈ। ਮੇਰੀ ਚੋਣ ਮੁਹਿੰਮ ਸ਼ਹਿਰ ਦੇ ਵਿਕਾਸ ਅਤੇ ਤਰੱਕੀ ਵੱਲ ਸੇਧਿਤ ਸੀ। ਲੋਕਾਂ ਨੇ ਇਸ 'ਤੇ ਭਰੋਸਾ ਪ੍ਰਗਟਾਇਆ ਹੈ। ਇਸ ਵਾਰ ਜਾਗਰੂਕ ਲੋਕਾਂ ਨੇ ਬਹੁਤ ਸੋਚ ਸਮਝ ਕੇ ਵੋਟਾਂ ਪਾਉਣੀਆਂ ਸ਼ੁਰੂ ਕਰ ਦਿੱਤੀਆਂ ਹਨ। ਤੁਸੀਂ ਅੰਮ੍ਰਿਤਸਰ ਦੇ ਹਾਲਾਤ ਜਾਣਦੇ ਹੋ। ਮੈਂ ਲੋਕਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਆਪਣੇ ਘਰਾਂ ਤੋਂ ਬਾਹਰ ਨਿਕਲਣ ਅਤੇ ਅੰਮ੍ਰਿਤਸਰ ਦੇ ਵਿਕਾਸ ਲਈ ਵੱਧ ਤੋਂ ਵੱਧ ਵੋਟ ਪਾਉਣ। ਇਸ ਵਾਰ ਵੋਟ ਅੰਮ੍ਰਿਤਸਰ ਦੀ ਤਰੱਕੀ ਅਤੇ ਵਿਕਾਸ ਲਈ ਹੋਣੀ ਚਾਹੀਦੀ ਹੈ। ਅੰਮ੍ਰਿਤਸਰ ਲਈ ਬਹੁਤ ਕੁਝ ਕਰਨ ਦੀ ਲੋੜ ਹੈ। ਅੰਮ੍ਰਿਤਸਰ 10 ਸਾਲ ਪਿੱਛੇ ਜਾ ਰਿਹਾ ਹੈ। ਅਸੀਂ ਸਾਰਿਆਂ ਨੇ ਮਿਲ ਕੇ ਅੰਮ੍ਰਿਤਸਰ ਦਾ ਵਿਕਾਸ ਕਰਨਾ ਹੈ। ਮੈਨੂੰ ਯਕੀਨ ਹੈ ਕਿ ਲੋਕਾਂ ਇਸ ਵਾਰ ਸ਼ਹਿਰ ਦੀ ਤਰੱਕੀ ਲਈ ਵੋਟ ਦਾ ਸਹੀ ਇਸਤੇਮਾਲ ਕਰਨਗੇ । ਉਸ ਉਮੀਦਵਾਰ ਨੂੰ ਵੋਟ ਦਿਓ ਜੋ ਸ਼ਹਿਰ ਲਈ ਸਭ ਕੁਝ ਕਰਨ ਦੀ ਸਮਰੱਥਾ ਰੱਖਦਾ ਹੋਵੇ। ਮੌਜੂਦਾ ਸੰਸਦ ਮੈਂਬਰ ਜਿਸ ਨੇ ਨਾ ਤਾਂ ਜ਼ਿੰਮੇਵਾਰੀ ਲਈ ਅਤੇ ਨਾ ਹੀ ਜਵਾਬਦੇਹੀ।

ਅੱਜ ਸ਼ਹਿਰ ਦੇ ਹਰ ਕੋਨੇ ਤੋਂ ਭਾਜਪਾ ਲਈ ਚੰਗੇ ਸੰਦੇਸ਼ ਆ ਰਹੇ ਹਨ। ਤੁਸੀਂ ਅੰਮ੍ਰਿਤਸਰ ਵਿੱਚ ਵਿਕਾਸ ਦੇਖੋਗੇ।

ਸੰਧੂ ਸਮੁੰਦਰੀ ਨੇ ਅੱਜ ਅੰਮ੍ਰਿਤਸਰ ਵਿਧਾਨ ਸਭਾ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰ ਦੇ ਪੋਲਿੰਗ ਸਟੇਸ਼ਨਾਂ ਦਾ ਦੌਰਾ ਕੀਤਾ ਅਤੇ ਪੋਲਿੰਗ ਸਟੇਸ਼ਨਾਂ 'ਤੇ ਤਾਇਨਾਤ ਭਾਜਪਾ ਵਰਕਰਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਤੋਂ ਵੋਟਿੰਗ ਸਬੰਧੀ ਪੂਰੀ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਵਰਕਰਾਂ ਦਾ ਹੌਸਲਾ ਵਧਾਇਆ ਅਤੇ ਫੋਟੋਆਂ ਖਿਚਵਾਈਆਂ। ਉਨ੍ਹਾਂ ਪੋਲਿੰਗ ਸਟੇਸ਼ਨਾਂ ਦੇ ਅੰਦਰ ਜਾ ਕੇ ਆਮ ਵੋਟਰਾਂ ਦਾ ਧੰਨਵਾਦ ਵੀ ਕੀਤਾ। ਵੋਟਾਂ ਪਾਉਣ ਲਈ ਲੱਗੀਆਂ ਲੰਮੀਆਂ ਕਤਾਰਾਂ ਨੂੰ ਦੇਖਦਿਆਂ ਉਨ੍ਹਾਂ ਕਿਹਾ ਕਿ ਇਹ ਭਾਰਤੀ ਲੋਕਤੰਤਰ ਦੀ ਖ਼ੂਬਸੂਰਤੀ ਹੈ ਕਿ ਕੜਾਕੇ ਦੀ ਗਰਮੀ ਦੇ ਬਾਵਜੂਦ ਲੋਕ ਲੋਕਤੰਤਰ ਦੀ ਇਸ ਕਵਾਇਦ ਵਿੱਚ ਹਿੱਸਾ ਲੈਂਦੇ ਹਨ ਅਤੇ ਇਸ ਨੂੰ ਮਜ਼ਬੂਤ ਕਰਦੇ ਹਨ।





ਪ੍ਰੇਮ ਵਿਆਹ | ਸੌਤਨ ਦੁਸ਼ਮਨ ਤੋਂ ਛੁਟਕਾਰਾ
ਕੰਮ- ਕਾਰੋਬਾਰ 'ਚ ਰੁਕਾਵਟ | ਵਿਦੇਸ਼ ਯਾਤਰਾ ਜਾਂ PR 'ਚ ਰੁਕਾਵਟ
ਕਰਜ਼ਾ ਮੁਕਤੀ | ਗ੍ਰਹਿ ਕਲੇਸ਼ ਤੋਂ ਛੁਟਕਾਰਾ | ਪਤੀ -ਪਤਨੀ 'ਚ ਅਣਬਣ
ਕੀਤਾ ਕਰਾਇਆ | ਜਾਦੂ - ਟੂਣਾ | ਕੋਰਟ ਕੇਸ ਤੋਂ ਮੁਕਤੀ
ਲਾਟਰੀ ਦੇ ਲੱਕੀ ਨੰਬਰ ਪਾਓ | ਬਿਜ਼ਨਸ 'ਚ ਘਾਟਾ
Legal Documents
ਵਸ਼ੀਕਰਨ ਕਰਵਾਉਣਾ ਜਾਂ ਤੁੜਵਾਉਣ
ਪਿਆਰ 'ਚ ਧੋਖਾ ਖਾ ਚੁੱਕੇ ਪ੍ਰੇਮੀ -ਪ੍ਰੇਮਿਕਾ ਇੱਕ ਵਾਰ ਜ਼ਰੂਰ ਅਜ਼ਮਾਉਣ
ਕਾਲੇ ਜਾਦੂ ਵਰਗੀਆਂ ਸਮੱਸਿਆਂਵਾਂ ਦਾ ਜੜ ਤੋਂ ਖ਼ਾਤਮਾ
PANDIT SHARON
Contact (209) 629-6397
35 ਸਾਲ ਦਾ ਤਜ਼ਰਬਾ


A One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354

# Now Open New Banquet Hall in Sacramento

**For more info: Contact Paul : (916)334-6000**




# SONNY DHALIWAL

## for SUPERVISOR

**EXPERIENCED LEADERSHIP YOU CAN TRUST**

Paid for by Sonny Dhaliwal for County Supervisor 2024 FPPC#1459023


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# ਅੰਮ੍ਰਿਤਸਰ ’ਚ ਸੰਧੂ ਸਮੁੰਦਰੀ ਨੂੰ ਲੋਕਾਂ ਵੱਲੋਂ ਮਿਲਿਆ ਭਰਵਾਂ ਹੁੰਗਾਰਾ- ਪ੍ਰੋ. ਸਰਚਾਂਦ ਸਿੰਘ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਪੰਜਾਬ ਭਾਜਪਾ ਦੇ ਸੂਬਾ ਬੁਲਾਰੇ ਅਤੇ ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਮੀਡੀਆ ਸਲਾਹਕਾਰ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪਿੰਡ ਖਿਆਲਾ ਦੇ ਬੂਥ ਨੰਬਰ 157 ਵਿਚ ਆਪਣੀ ਵੋਟ ਦਾ ਇਸਤੇਮਾਲ ਕੀਤਾ। ਉਨ੍ਹਾਂ ਭਾਜਪਾ ਦੇ ਪੋਲਿੰਗ ਬੂਥ ’ਤੇ ਮੌਜੂਦ ਵਰਕਰਾਂ ਦੀ ਹੌਸਲਾ ਅਫ਼ਜ਼ਾਈ ਕੀਤੀ । ਇਸ ਮੌਕੇ ਉਨ੍ਹਾਂ ਕਿਹਾ ਕਿ ਭਾਵੇਂ ਕਿ ਇਹ ਪਹਿਲੀ ਵਾਰ ਹੈ ਕਿ ਪੰਜਾਬ ਅਤੇ ਅੰਮ੍ਰਿਤਸਰ ਵਿਚ ਭਾਜਪਾ ਆਪਣੇ ਤੌਰ ’ਤੇ ਚੋਣ ਮੈਦਾਨ ਵਿਚ ਉੱਤਰੀ ਹੈ। ਫਿਰ ਵੀ ਚੋਣ ਪ੍ਰਚਾਰ ਮੌਕੇ ਪੰਜਾਬ ਵਾਸੀਆਂ ਨੇ ਜਿਵੇਂ ਭਾਜਪਾ ਨੂੰ ਵੱਡਾ ਹੁੰਗਾਰਾ ਦਿੱਤਾ ਉਹ ਹੈਰਾਨੀਜਨਕ ਤੇ ਆਸ ਤੋਂ ਕਿਤੇ ਵੱਧ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਵੋਟਰਾਂ ਨੇ ਪੰਜਾਬ ਦੇ ਵਿਕਾਸ ਅਤੇ ਤਰੱਕੀ ਲਈ ਭਾਜਪਾ ’ਤੇ ਭਰੋਸਾ ਕੀਤਾ ਹੈ। ਇਸੇ ਤਰਾਂ ਅੰਮ੍ਰਿਤਸਰ ਦੇ ਲੋਕਾਂ ਨੇ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਵੱਲੋਂ ਜੋ ਅੰਮ੍ਰਿਤਸਰ ਦੇ ਵਿਕਾਸ ਅਤੇ ਨਸ਼ੇ ਖ਼ਤਮ ਕਰਨ ਬਾਰੇ ਰੇਡ ਮੈਪ ਦਿੱਤਾ ਗਿਆ ਉਸ ਤੋਂ ਪ੍ਰਭਾਵਿਤ ਹੋ ਕੇ ਸੰਧੂ ਸਮੁੰਦਰੀ ’ਤੇ ਭਰੋਸਾ ਪ੍ਰਗਟ ਕੀਤਾ ਹੈ। ਨਿਸ਼ਚੇ ਹੀ ਸੰਧੂ ਸਮੁੰਦਰੀ ਭਾਰੀ ਗਿਣਤੀ ਵੋਟਾਂ ਨਾਲ ਕਾਮਯਾਬ ਹੋ ਕੇ ਪਾਰਲੀਮੈਂਟ ਵਿਚ ਜਾਣਗੇ ਅਤੇ ਅੰਮ੍ਰਿਤਸਰ ਦੇ ਮੁੱਦਿਆਂ ਨੂੰ ਉਠਾਉਣਗੇ। ਸੰਧੂ ਸਮੁੰਦਰੀ ਮੋਦੀ ਸਰਕਾਰ ਤੋਂ ਅੰਮ੍ਰਿਤਸਰ ਦੇ ਵਿਕਾਸ ਲਈ ਵਿਸ਼ੇਸ਼ ਪੈਕੇਜ ਲੈ ਕੇ ਵੀ ਆਉਣਗੇ। ਉਨ੍ਹਾਂ ਕਿਹਾ ਕਿ ਲੋਕ ਸਮਝ ਗਏ ਹਨ ਕਿ ਸੰਧੂ ਸਮੁੰਦਰੀ ਹੀ ਅੰਮ੍ਰਿਤਸਰ ਦਾ ਕਾਇਆ ਕਲਪ ਕਰਨ ਦੇ ਸਮਰੱਥ ਹਨ। ਉਨ੍ਹਾਂ ਕਿਹਾ ਸੰਧੂ ਸਮੁੰਦਰੀ ਅਮਰੀਕਾ ਵਿੱਚ ਲੰਮਾ ਸਮਾਂ ਭਾਰਤੀ ਵਿਦੇਸ਼ ਸੇਵਾ ਅਧਿਕਾਰੀ ਵਜੋਂ ਸੇਵਾ ਨਿਭਾਉਣ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਅਤੇ ਅਮਿਤ ਸ਼ਾਹ ਵੱਲੋਂ ਆਪਣੇ ਸ਼ਹਿਰ ਅੰਮ੍ਰਿਤਸਰ ਲਈ ਵਾਪਸ ਭੇਜੇ ਗਏ ਹਨ। ਉਹਨਾਂ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ




ਜੋ ਦੇਸ਼ ਲਈ ਨੀਤੀਆਂ ਬਣਾਈਆਂ ਗਈਆਂ ਹਨ ਉਸ ਨੂੰ ਲੈ ਕੇ ਲੋਕ ਜਾਗਰੂਕ ਹਨ ਅਤੇ ਉਹਨਾਂ ਨੂੰ ਪੂਰੀ ਉਮੀਦ ਹੈ ਕਿ ਇਸ ਵਾਰ ਲੋਕ ਤੀਸਰੀ ਵਾਰ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਉੱਤੇ ਆਪਣਾ ਭਰੋਸਾ ਜਿਤਾਉਣਗੇ। ਉਹਨਾਂ ਨੇ ਕਿਹਾ ਕਿ ਜੋ ਨਵੇਂ ਵੋਟਰ ਹਨ ਉਹਨਾਂ ਨੂੰ ਵੀ ਵੱਧ ਚੜ ਕੇ ਆਪਣੀ ਵੋਟ ਦਾ ਇਸਤੇਮਾਲ ਕਰਨਾ ਚਾਹੀਦਾ ਹੈ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਐਸੀ ਸਮਾਜ ਨੂੰ ਕਾਂਗਰਸ ਨੇ ਅਤੇ ਆਮ ਆਦਮੀ ਪਾਰਟੀ ਨੇ ਕੇਵਲ ਵੋਟ ਬੈਂਕ ਵਜੋਂ ਇਸਤੇਮਾਲ ਕੀਤਾ, ਪਰ ਇਹ ਭਾਈਚਾਰਾ ਸਮਝ ਚੁਕਾ ਹੈ ਕਿ ਮੋਦੀ ਸਰਕਾਰ ਹੀ ਉਨ੍ਹਾਂ ਲਈ ਅਸਲ ਹਿਤੈਸ਼ੀ ਹੈ। ਉਨ੍ਹਾਂ ਕਿਹਾ ਕਿ ਅੱਜ ਬੂਥਾਂ ’ਤੇ ਭਾਰੀ ਗਿਣਤੀ ’ਚ ਐਸ ਸੀ ਸਮਾਜ ਅਤੇ ਨੌਜਵਾਨ ਉੱਠ ਖੜੇ ਹਨ ਅਤੇ ਭਾਰਤੀ ਜਨਤਾ ਪਾਰਟੀ ਦੇ ਹੱਕ ਦੇ ਵਿੱਚ ਵੋਟ ਪਾਉਂਦੇ ਨਜ਼ਰ ਆਉਂਦੇ ਹਨ।

ਪ੍ਰੋ ਸਰਚਾਂਦ ਸਿੰਘ ਨੇ ਕਿਹਾ ਕਿ ਭਾਜਪਾ ਨੇ ਜਿੱਥੇ ਅੰਮ੍ਰਿਤਸਰ ਤੋਂ ਕੁਰਬਾਨੀ ਵਾਲੇ ਪੰਥਕ ਪਰਿਵਾਰ ਦੇ ਵਿਅਕਤੀ ਸੰਧੂ ਸਮੁੰਦਰੀ ਨੂੰ ਚੋਣ ਮੈਦਾਨ ਵਿਚ ਉਤਾਰਿਆ ਹੈ, ਉੱਥੇ ਸ਼੍ਰੋਮਣੀ ਅਕਾਲੀ ਦਲ ਨੂੰ ਇਸ ਵਾਰ ਚੋਣਾਂ ਵਿਚ ਅਕਾਲੀ ਅਤੇ ਪੰਥਕ ਬੈਕਗਰਾਊਂਡ ਵਾਲਾ ਉਮੀਦਵਾਰ ਵੀ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਨਾ ਕਾਂਗਰਸ ਨੂੰ ਅਤੇ ਨਾ ਹੀ ਆਪ ਨੂੰ ਸੰਧੂ ਸਮੁੰਦਰੀ ਦੇ ਟੱਕਰ ਦਾ ਉਮੀਦਵਾਰ ਮਿਲਿਆ। ਪ੍ਰੋ. ਸਰਚਾਂਦ ਸਿੰਘ ਨੇ ਨੇ ਕਿਹਾ ਕਿ ਅੰਮ੍ਰਿਤਸਰ ਅਤੇ ਸੂਬੇ ਦੇ ਸਿਆਸੀ, ਸਮਾਜਿਕ ਅਤੇ ਆਰਥਿਕ ਹਾਲਾਤ ਬਹੁਤ ਨਾਜ਼ੁਕ ਹਨ। ਜੇਕਰ ਕੋਈ ਪੰਜਾਬ ਤੇ ਅੰਮ੍ਰਿਤਸਰ ਨੂੰ ਸਹੀ ਰਸਤੇ ’ਤੇ ਲਿਆ ਸਕਦਾ ਹੈ, ਤਾਂ ਉਹ ਪ੍ਰਧਾਨ ਮੰਤਰੀ ਮੋਦੀ ਅਤੇ ਅਮਿਤ ਸ਼ਾਹ ਵੱਲੋਂ ਪ੍ਰਸੰਸਾ ਹਾਸਲ ਸੰਧੂ ਸਮੁੰਦਰੀ ਹੀ ਹਨ। ਸੂਬਾਈ ਬੁਲਾਰੇ ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸੰਧੂ ਸਮੁੰਦਰੀ ਅੰਮ੍ਰਿਤਸਰ ਲਈ ਸਭ ਤੋਂ ਸੂਝਵਾਨ, ਕਾਬਲ ਅਤੇ ਯਥਾਰਥਵਾਦੀ ਆਗੂ ਹਨ। ਉਹ ਅੰਮ੍ਰਿਤਸਰ ਦੀਆਂ ਸਮੱਸਿਆਵਾਂ ਨੂੰ ਖ਼ਤਮ ਕਰਕੇ ਸ਼ਹਿਰ ਨੂੰ ਨਵੀਆਂ ਬੁਲੰਦੀਆਂ 'ਤੇ ਲਿਜਾਣ ਦੀ ਸਮਰੱਥਾ ਰੱਖਦਾ ਹੈ। ਉਨ੍ਹਾਂ ਦਾ ਤਜਰਬਾ ਅਤੇ ਅਗਵਾਈ ਅਤੇ ਵਿਦੇਸ਼ਾਂ ਨਾਲ ਚੰਗੇ ਸੰਪਰਕ ਇੱਥੋਂ ਦੇ ਲੋਕਾਂ ਲਈ ਲਾਹੇਵੰਦ ਹਨ। ਉਨ੍ਹਾਂ ਪ੍ਰੈੱਸ ਰਾਹੀਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੰਧੂ ਨੂੰ ਵੱਡੇ ਫ਼ਰਕ ਨਾਲ ਜਿਤਾਉਣ ਵਿੱਚ ਮਦਦ ਕਰਨ। ਉਨ੍ਹਾਂ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਰੁਜ਼ਗਾਰ ਪ੍ਰਦਾਨ ਕਰਨ ਲਈ ਸੰਧੂ ਕੋਲ ਅਨੇਕਾਂ ਸਕੀਮਾਂ ਹਨ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਬਾਅਦ ਆਮ ਆਦਮੀ ਪਾਰਟੀ ਦੀ ਹੋਂਦ ਖ਼ਤਮ ਹੋ ਜਾਵੇਗੀ। ਇਸ ਲਈ ਪੰਜਾਬ ਦੇ ਲੋਕ ਆਪਣੀ ਵੋਟ ਬਰਬਾਦ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਦਿੱਲੀ ਵਿੱਚ ਆਪ ਅਤੇ ਕਾਂਗਰਸ ਇੱਕ ਹਨ ਅਤੇ ਪੰਜਾਬ ਵਿੱਚ ਆ ਕੇ ਇੱਕ ਦੂਜੇ ਨੂੰ ਕੋਸ ਕੇ ਲੋਕਾਂ ਨੂੰ ਮੂਰਖ ਬਣਾਉਣ ਦੀ ਕੋਸ਼ਿਸ਼ ਕੀਤੀ। ਇਸ ਮੌਕੇ ਡਾ. ਸੁਖਚੈਨ ਸਿੰਘ , ਬਾਬਾ ਮਹਿੰਦਰ ਨਾਥ ਜੀ ਵਾਲਮੀਕੀ, ਬਾਬਾ ਮੇਜਰ ਸਿੰਘ, ਮੰਗਲ ਸਿੰਘ, ਸੁਰਜਣ ਸਿੰਘ, ਸੁੱਚਾ ਸਿੰਘ, ਤੇ ਸਵਿੰਦਰ ਸਿੰਘ ਵੀ ਮੌਜੂਦ ਸਨ।

# ਪੰਜਾਬ ਦੇ ਮੁੱਖ ਚੋਣ ਅਧਿਕਾਰੀ ਵੱਲੋਂ ਸ਼ਾਂਤਮਈ ਚੋਣ ਅਮਲ ਨੇਪਰੇ ਚਾੜ੍ਹਨ ਲਈ ਵੋਟਰਾਂ ਦਾ ਧੰਨਵਾਦ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਵੋਟ ਦੇ ਜਮਹੂਰੀ ਹੱਕ ਦੀ ਵਰਤੋਂ ਲਈ ਚੋਣਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਸੂਬੇ ਦੇ ਵੋਟਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਗਰਮੀ ਦੇ ਬਾਵਜੂਦ ਵੋਟਰਾਂ ਵੱਲੋਂ ਵੋਟਿੰਗ ਪ੍ਰਕਿਰਿਆ 'ਚ ਦਿਖਾਇਆ ਗਿਆ ਉਤਸ਼ਾਹ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਵੋਟਰਾਂ ਨੇ ਚੋਣ ਪ੍ਰਕਿਰਿਆ 'ਚ ਵੱਡੀ ਗਿਣਤੀ ਵਿੱਚ ਹਿੱਸਾ ਲੈ ਕੇ ਭਾਰਤੀ ਸੰਵਿਧਾਨ ਦੇ ਨਿਰਮਾਤਾਵਾਂ ਵੱਲੋਂ ਉਨ੍ਹਾਂ ਵਿੱਚ ਜਤਾਏ ਗਏ ਭਰੋਸੇ ਦਾ ਮਾਣ ਰੱਖਿਆ ਹੈ।

ਮੁੱਖ ਚੋਣ ਅਧਿਕਾਰੀ ਨੇ ਪੰਜਾਬ ਦੀਆਂ ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਵੱਲੋਂ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਚੋਣ ਪ੍ਰਕਿਰਿਆ ਵਿੱਚ ਦਿੱਤੇ ਗਏ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਹੈ, ਜਿਨ੍ਹਾਂ ਨੇ ਵੋਟਿੰਗ ਪ੍ਰਕਿਰਿਆ ਨੂੰ ਸ਼ਾਂਤੀਪੂਰਨ, ਨਿਰਪੱਖ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਇਸ ਦੇ ਨਾਲ ਹੀ ਉਨ੍ਹਾਂ ਨੇ ਜ਼ਿਲ੍ਹਾ ਚੋਣ ਅਫ਼ਸਰਾਂ-ਕਮ-ਡਿਪਟੀ ਕਮਿਸ਼ਨਰਾਂ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਚੋਣ ਪ੍ਰਕਿਰਿਆ ਦੇ ਸੁਚਾਰੂ ਪ੍ਰਬੰਧਨ ਅਤੇ ਨਿਗਰਾਨੀ ਨੂੰ ਯਕੀਨੀ ਬਣਾਇਆ।



ਸਿਬਿਨ ਸੀ ਨੇ ਪੋਲਿੰਗ ਸਟੇਸ਼ਨਾਂ 'ਤੇ ਉਸਾਰੂ ਤੇ ਸੁਰੱਖਿਅਤ ਮਾਹੌਲ ਯਕੀਨੀ ਬਣਾਉਣ ਲਈ ਪੁਲਿਸ ਕਮਿਸ਼ਨਰਾਂ, ਸੀਨੀਅਰ ਸੁਪਰਡੈਂਟ ਆਫ਼ ਪੁਲਿਸ, ਪੰਜਾਬ ਪੁਲਿਸ ਦੇ ਸਮੂਹ ਕਰਮਚਾਰੀਆਂ ਅਤੇ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ (ਸੀ.ਏ.ਪੀ.ਐਫ.) ਦਾ ਵੀ ਧੰਨਵਾਦ ਕੀਤਾ, ਜੋ ਚੋਣਾਂ ਦੇ ਐਲਾਨ ਤੋਂ ਲੈ ਕੇ ਵੋਟਿੰਗ ਵਾਲੇ ਦਿਨ ਤੱਕ ਸੂਬੇ 'ਚ ਅਮਨ ਕਾਨੂੰਨ ਦੀ ਸਥਿਤੀ ਬਣਾਏ ਰੱਖਣ ਲਈ ਵਧੇਰੇ ਮਹੱਤਵਪੂਰਨ ਸੀ।

ਸਿਬਿਨ ਸੀ ਨੇ ਪੋਲਿੰਗ ਅਫ਼ਸਰਾਂ, ਵਲੰਟੀਅਰਾਂ ਅਤੇ ਚੋਣ ਪ੍ਰਕਿਰਿਆ ਵਿੱਚ ਸ਼ਾਮਲ ਸਾਰੇ ਵਿਅਕਤੀਆਂ ਸਮੇਤ ਸਮੁੱਚੇ ਚੋਣ ਅਮਲੇ ਦੀ ਮਿਹਨਤ, ਵਚਨਬੱਧਤਾ ਅਤੇ ਸਮਰਪਣ ਦੀ ਵੀ ਪ੍ਰਸ਼ੰਸਾ ਕੀਤੀ।

ਉਨ੍ਹਾਂ ਕਿਹਾ ਕਿ ਲੋਕਤੰਤਰ ਦੇ ਇਸ ਸਭ ਤੋਂ ਵੱਡੇ ਤਿਉਹਾਰ ਦੌਰਾਨ ਵੋਟਿੰਗ ਪ੍ਰਕਿਰਿਆ ਨੂੰ ਸੁਚਾਰੂ ਅਤੇ ਸੁਰੱਖਿਅਤ ਢੰਗ ਨਾਲ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਉਣ ਲਈ ਸਾਰਿਆਂ ਨੇ ਮਹੱਤਵਪੂਰਨ ਭੂਮਿਕਾ ਨਿਭਾਈ ਹੈ, ਜਿਸ ਸਦਕਾ ਸਮੁੱਚੀ ਚੋਣ ਪ੍ਰਕਿਰਿਆ ਸਫ਼ਲਤਾਪੂਰਵਕ ਢੰਗ ਨਾਲ ਮੁਕੰਮਲ ਹੋ ਗਈ ਹੈ।

ਮੁੱਖ ਚੋਣ ਅਧਿਕਰੀ ਨੇ ਜ਼ੋਰ ਦੇ ਕੇ ਕਿਹਾ ਕਿ ਸਾਰੇ ਭਾਈਵਾਲਾਂ ਨੇ ਲੋਕਤੰਤਰ ਦੀ ਅਸਲ ਭਾਵਨਾ ਦਿਖਾਉਂਦਿਆਂ ਚੋਣ ਪ੍ਰਕਿਰਿਆ ਦੀ ਮਰਿਆਦਾ ਨੂੰ ਕਾਇਮ ਰੱਖਣ ਲਈ ਵਧ-ਚੜ੍ਹ ਕੇ ਸਹਿਯੋਗ ਦਿੱਤਾ ਅਤੇ ਸਮੁੱਚੇ ਚੋਣ ਅਮਲ ਨੂੰ ਸੁਚਾਰੂ ਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨਾ ਯਕੀਨੀ ਬਣਾਇਆ।

# ਮੁੱਖ ਮੰਤਰੀ ਭਗਵੰਤ ਮਾਨ ਨੇ ਪਰਿਵਾਰ ਦੇ ਨਾਲ ਲਾਇਨ ਵਿਚ ਲੱਗ ਕੇ ਮੰਗਵਾਲ (ਸੰਗਰੂਰ) ਵਿਖੇ ਪਾਈ ਵੋਟ

ਸੰਗਰੂਰ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਮਾਨ ਨੇ ਲੋਕ ਸਭਾ ਚੋਣਾਂ ਲਈ ਆਪਣੇ ਪਰਿਵਾਰ ਨਾਲ ਲਾਇਨ ਵਿਚ ਲੱਗ ਕੇ ਮੰਗਵਾਲ (ਸੰਗਰੂਰ) ਵਿਖੇ ਵੋਟ ਪਾਈ। ਉਨ੍ਹਾਂ ਕਿਹਾ ਕਿ ਇਹ ਚੋਣ ਪੰਜਾਬ ਅਤੇ ਦੇਸ਼ ਦੇ ਲੋਕਤੰਤਰ ਲਈ ਬਹੁਤ ਹੀ ਮਹੱਤਵਪੂਰਨ ਹੈ। ਪੰਜਾਬ ਦੇਸ਼ ਦੀ ਰਾਜਨੀਤੀ ਦਾ ਕੇਂਦਰ ਹੈ। ਇਸ ਵਾਰ ਵੀ ਕੇਂਦਰ ਸਰਕਾਰ ਵਿੱਚ ਪੰਜਾਬ ਦਾ ਵੱਡਾ ਯੋਗਦਾਨ ਹੋਵੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਦਾ ਇਤਿਹਾਸ ਰਿਹਾ ਹੈ ਕਿ ਲੋਕ ਵੱਡੀ ਗਿਣਤੀ ਵਿੱਚ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਆਉਂਦੇ ਹਨ, ਕਿਉਂਕਿ ਪੰਜਾਬ ਦੇ ਵੋਟਰ ਜਾਗਰੂਕ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਲੋਕ ਸਭਾ ਲਈ ਚੰਗੇ ਅਤੇ ਇਮਾਨਦਾਰ ਉਮੀਦਵਾਰਾਂ ਨੂੰ ਚੁਣਨਗੇ, ਜੋ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਦੇ ਨਾਲ ਉਨ੍ਹਾਂ ਨੂੰ ਹੱਲ ਕਰਨ ਦੇ ਸਮਰੱਥ ਹੋਣ।

ਉਨ੍ਹਾਂ ਕਿਹਾ ਕਿ ਮੈਂ ਪਿਛਲੇ 25 ਦਿਨਾਂ ਵਿੱਚ 122 ਰੈਲੀਆਂ ਅਤੇ ਰੋਡ ਸ਼ੋਅ ਕੀਤੇ ਹਨ। ਮੈਂ ਕੋਈ ਕਸਰ ਬਾਕੀ ਨਹੀਂ ਛੱਡੀ ਅਤੇ ਹਰ ਪਾਸੇ ਲੋਕਾਂ ਤੋਂ ਹਾਂ-ਪੱਖੀ ਹੁੰਗਾਰਾ ਮਿਲਿਆ। ਚੋਣ ਪ੍ਰਚਾਰ ਦੌਰਾਨ ਮੈਂ ਆਪਣੇ ਦੋ ਸਾਲਾਂ ਦੇ ਕੰਮਾਂ ਦੇ ਆਧਾਰ 'ਤੇ ਲੋਕਾਂ ਤੋਂ ਵੋਟਾਂ ਮੰਗੀਆਂ, ਜਿਸ ਦੀ ਲੋਕਾਂ ਨੇ ਸ਼ਲਾਘਾ ਵੀ ਕੀਤੀ।



ਉਨ੍ਹਾਂ ਕਿਹਾ ਕਿ ਚੋਣ ਪ੍ਰਚਾਰ ਦੌਰਾਨ ਮੈਂ ਕਈ ਥਾਵਾਂ 'ਤੇ ਚੋਣ ਜ਼ਾਬਤੇ ਦੀ ਉਲੰਘਣਾ ਦੀਆਂ ਖ਼ਬਰਾਂ ਸੁਣੀਆਂ, ਪਰ ਮੈਂ ਆਪਣੀ ਚੋਣ ਪ੍ਰਚਾਰ ਦੌਰਾਨ ਕੋਈ ਵੀ ਅਜਿਹੀ ਗਤੀਵਿਧੀ ਜਾਂ ਭਾਸ਼ਣ ਨਹੀਂ ਦਿੱਤਾ ਜਿਸ ਨਾਲ ਚੋਣ ਜ਼ਾਬਤੇ ਦੀ ਉਲੰਘਣਾ ਹੁੰਦੀ ਹੋਵੇ। ਇਸ ਲਈ ਮੇਰੀ ਚੋਣ ਕਮਿਸ਼ਨ ਕੋਲ ਇੱਕ ਵੀ ਸ਼ਿਕਾਇਤ ਨਹੀਂ ਹੈ, ਕਿਉਂਕਿ ਮੈਂ ਚੋਣ ਨਿਯਮਾਂ ਦੀ ਪਾਲਣਾ ਕਰਦੇ ਹੋਏ ਪ੍ਰਚਾਰ ਕੀਤਾ ਸੀ। ਅਸੀਂ ਕਦੇ ਵੀ ਚੋਣ ਜ਼ਾਬਤੇ ਨੂੰ ਤੋੜਨ ਦੀ ਕੋਸ਼ਿਸ਼ ਨਹੀਂ ਕੀਤੀ।

ਉਨ੍ਹਾਂ ਕਿਹਾ ਕਿ ਇਸ ਚੋਣ ਵਿੱਚ ਔਰਤਾਂ ਦੀ ਭੂਮਿਕਾ ਬਹੁਤ ਅਹਿਮ ਹੋਵੇਗੀ, ਕਿਉਂਕਿ ਮਹਿੰਗਾਈ ਤੋਂ ਔਰਤਾਂ ਸਭ ਤੋਂ ਵੱਧ ਪ੍ਰਭਾਵਿਤ ਹਨ। ਇਸ ਤੋਂ ਇਲਾਵਾ ਕਈ ਅਹਿਮ ਮੁੱਦੇ ਹਨ, ਜੋ ਔਰਤਾਂ ਦੀ ਵੋਟ ਨੂੰ ਪ੍ਰਭਾਵਿਤ ਕਰਨਗੇ ਅਤੇ ਚੋਣ ਨਤੀਜਿਆਂ ਵਿੱਚ ਵੱਡੀ ਤਬਦੀਲੀ ਦਾ ਕਾਰਨ ਬਣਨਗੇ।

ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਪੰਜਾਬ ਦੀਆਂ ਮਹਿਲਾ ਵੋਟਰ ਬਹੁਤ ਸੂਝਵਾਨ ਹਨ। ਉਹ ਇਮਾਨਦਾਰ ਅਤੇ ਕੰਮ ਕਰਨ ਵਾਲੀ ਸਰਕਾਰ ਚੁਣਨਗੇ। ਇਸ ਵਾਰ ਔਰਤਾਂ ਦਾ ਵੋਟ ਬਦਲਾਅ ਲਈ ਹੋਵੇਗਾ ਅਤੇ ਇਤਿਹਾਸ ਰਚੇਗਾ।


SAI JEWELERS
Making Every
Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜ੍ਹੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
SJ
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday | 11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828

Gillson
TRUCKING INC



# NOW Hiring
# Truck Drivers Class A CDL

- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: $**0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health Dental Vision



## Where to Apply

It's on our website the link under apply now. Please copy it here and then we would to have all.

### Apply Here:

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205
925-400-9094 | ext.116, ext.130 and ext.144
info@teamgillson.com

## Get in Touch:

gillsontrucking
gillsontrucking
company/gillsontrucking
www.teamgillson.com

# ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE IMMIGRATION

*Where Hope Meets*

# IMMIGRATION OPPORTUNITIES

## USA SERVICES :

- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

## INDIAN SERVICES :

- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

**WE CAN HELP YOU WORK AND SETTLE IN COUNTRIES WORLDWIDE ALSO**

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

**ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।**



**ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630**

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

# ਲੋਕ ਸਭਾ ਚੋਣਾਂ ਬਨਾਮ ਘੱਲੂਘਾਰੇ ਦੀ ਟੀਸ



SANJHI SOCH
ਬਘੇਲ ਸਿੰਘ ਧਾਲੀਵਾਲ
99142-58142

ਦੇਸ਼ ਅੰਦਰ 18ਵੀਂ ਲੋਕ ਸਭਾ ਚੋਣ ਮੁਕੰਮਲ ਹੋ ਚੁੱਕੀ ਹੈ।ਭਾਵ ਸੱਤਵੇਂ ਅਤੇ ਆਖਰੀ ਗੇੜ ਦੀਆਂ ਚੋਣਾਂ ਬੀਤੇ ਕੱਲ 1 ਜੂਨ ਨੂੰ ਪੈ ਚੁੱਕੀਆਂ ਹਨ। ਇਹ ਆਖਰੀ ਦੌਰ ਦੀ ਚੋਣ ਪ੍ਰਕਿਰਿਆ ਵਿੱਚ ਬਿਹਾਰ, ਹਿਮਾਚਲ ਪ੍ਰਦੇਸ਼, ਝਾਰਖੰਡ, ਓਡੀਸ਼ਾ, ਪੰਜਾਬ ਉੱਤਰ ਪ੍ਰਦੇਸ਼, ਪੱਛਮੀ ਬੰਗਾਲ ਅਤੇ ਚੰਡੀਗੜ੍ਹ ਦੀਆਂ ਕੁਲ 57 ਸੀਟਾਂ ਉੱਤੇ ਵੋਟਾਂ ਪਈਆਂ।ਪੰਜਾਬ ਨੂੰ ਆਖਰੀ ਦੌਰ ਦੀ ਚੋਣ ਪ੍ਰਕਿਰਿਆ ਵਿੱਚ ਸ਼ੁਮਾਰ ਕੀਤੇ ਜਾਣ ਨੂੰ ਲੈ ਕੇ ਸਵਾਲ ਉੱਠ ਰਹੇ ਹਨ।ਚੋਣਾਂ ਦੀ ਮਿਤੀ ਇੱਕ ਜੂਨ ਸਿੱਖਾਂ ਲਈ ਇਸ ਕਰਕੇ ਦੁਬਿਧਾ ਪੈਦਾ ਕਰਦੀ ਹੈ,ਕਿਉਂਕਿ ਇਹ ਦਿਨ ਸਿੱਖਾਂ ਦੇ ਜਖਮਾਂ ਨੂੰ ਕੁਰੇਦਣ ਵਾਲਾ ਹੁੰਦਾ ਹੈ। ਇੱਕ ਜੂਨ ਨੂੰ ਸੱਚਖੰਡ ਸ੍ਰੀ ਦਰਬਾਰ ਸਾਹਿਬ ਤੇ ਭਾਰਤੀ ਫੌਜ ਵੱਲੋਂ ਚੜਾਈ ਕੀਤੀ ਗਈ ਸੀ।

ਇੱਕ ਜੂਨ ਤੋ 6 ਜੂਨ ਤੱਕ ਫੌਜ ਨੇ ਸਿੱਖਾਂ ਤੇ ਅਜਿਹੇ ਕਹਿਰ ਢਾਹੇ ਸਨ,ਜਿਹੜੇ ਦੁਨੀਆਂ ਭਰ ਦੇ ਜਾਲਮ ਤਾਨਸ਼ਾਹਾਂ ਦੇ ਜੁਲਮਾਂ ਨੂੰ ਵੀ ਬੌਨਾ ਕਰਨ ਵਾਲੇ ਸਨ। ਇਸ ਖੂਨੀ ਹਫਤੇ ਨੇ ਸਿੱਖਾਂ ਦੇ ਸੁਰਖ ਇਤਿਹਾਸ ਵਿੱਚ ਖੂੰਨ ਨਾਲ ਲੱਥ ਪੱਥ ਇੱਕ ਹੋਰ ਅਜਿਹਾ ਨਵਾਂ ਪੰਨਾ ਜੋੜ ਦਿੱਤਾ,ਜਦੋਂ ਭਾਰਤੀ ਫੌਜ ਨੇ ਆਪਣੇ ਹੀ ਲੋਕਾਂ ਨਾਲ ਅਜਿਹਾ ਸਲੂਕ ਕੀਤਾ ਸੀ,ਜਿਹੜਾ ਸੱਭਿਅਕ ਮੁਲਕਾਂ ਵਿੱਚ ਵਗਾਨੇ ਲੋਕਾਂ ਨਾਲ ਵੀ ਨਹੀ ਕੀਤਾ ਜਾਂਦਾ। ਜੂਨ ਮਹੀਨੇ ਦੇ ਪਹਿਲੇ ਇੱਕ ਹਫਤੇ ਵਿੱਚ ਹੀ ਫੌਜਾਂ ਨੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲੇ ਅਤੇ ਉਹਨਾਂ ਦੇ ਕੁੱਝ ਮੁੱਠੀ ਭਰ ਮਰਜੀਵੜਿਆਂ ਸਮੇਤ ਸਾਹਿਬ ਸ੍ਰੀ ਗੁਰੂ ਅਰਜਨ ਸਾਹਿਬ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਆਈਆਂ ਹਜਾਰਾਂ ਸਿੱਖ ਸੰਗਤਾਂ ਨੂੰ ਕੋਹ ਕੋਹ ਕੇ ਨਿਰਦਾਇਤਾ ਦੇ ਨਾਲ ਸ਼ਹੀਦ ਕਰ ਦਿੱਤਾ ਸੀ,ਜਿੰਨਾਂ ਵਿੱਚ 18 ਦਿਨ ਦੇ ਬੱਚੇ ਤੋਂ ਲੈ ਕੇ 90,95 ਸਾਲ ਤੱਕ ਦੇ ਬਜ਼ੁਰਗ ਮਰਦ ਔਰਤਾਂ ਵੀ ਸ਼ਾਮਲ ਸਨ।ਭਾਰਤੀ ਫੌਜਾਂ ਨੇ ਸਿੱਖਾਂ ਦੀ ਸਰਬ ਉੱਚ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕਰਕੇ ਸਿੱਖਾਂ ਨੂੰ ਅਜਿਹੇ ਜਖਮ ਦਿੱਤੇ,ਜਿਹੜੇ ਸਾਇਦ ਰਹਿੰਦੀ ਦੁਨੀਆਂ ਤੱਕ ਰਿਸਦੇ ਰਹਿਣਗੇ।ਜਦੋ ਇੱਕ ਜੂਨ ਦਾ ਦਿਨ ਆਉਂਦਾ ਹੈ,ਤਾਂ ਸਿੱਖਾਂ ਦੇ ਮਨਾਂ ਚ ਢੱਠੇ ਹੋਏ ਸ੍ਰੀ ਅਕਾਲ ਤਖਤ ਸਾਹਿਬ ਦੀ ਤਸਵੀਰ ਮੁੜ ਰੂਪਮਾਨ ਹੋ ਜਾਂਦੀ ਹੈ।ਬੱਚੇ ਬਜੁਰਗ,ਬੀਬੀਆਂ ਅਤੇ ਨੌਜਵਾਨਾਂ ਦੇ ਬੇਰਹਿਮੀ ਨਾਲ ਘਾਣ ਦੀ ਖੌਫਨਾਕ ਤਸਵੀਰ ਨੌਜਵਾਨ ਸਿੱਖ ਜਜ਼ਬਿਆਂ ਨੂੰ ਉਤੇਜਿਤ ਕਰਦੀ ਹੈ।ਜੂਨ ਦੇ ਪਹਿਲੇ ਹਫਤੇ ਸਿੱਖ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਵੱਲੋਂ ਕੌਮ ਨਾਲ ਕੀਤੇ ਇਕਰਾਰ ਨਿਭਾਉਂਦਿਆਂ ਦਿੱਤੀਆਂ ਸ਼ਹਾਦਤਾਂ ਦੀ ਗਾਥਾ ਨੂੰ ਬੜੇ ਮਾਣ ਨਾਲ ਸੁਣਦੇ ਅਤੇ ਸੁਣਾਉਂਦੇ ਹਨ।ਸਿੱਖ ਜੁਆਨੀ ਇਸ ਹਫਤੇ ਆਪਣੇ ਸ਼ਹੀਦਾਂ ਨੂੰ ਯਾਦ ਕਰਨ ਦੇ ਨਾਲ ਨਾਲ ਉਹਨਾਂ ਦੇ ਕਹਿਣੀ ਅਤੇ ਕਰਨੀ ਦੀ ਇੱਕਸੁਰਤਾ ਵਾਲੇ ਸੰਘਰਸ਼ੀ ਜੀਵਨ ਤੋ ਪਰੇਰਨਾ ਵੀ ਲੈਂਦੀ ਹੈ।

ਪਰੰਤੂ ਇਸ ਵਾਰ ਕੇਂਦਰੀ ਤਾਕਤਾਂ ਵੱਲੋਂ ਜਾਣ ਬੁੱਝ ਕੇ ਪੰਜਾਬ ਅੰਦਰ ਵੋਟਾਂ ਦੀ ਤਰੀਕ ਇੱਕ ਜੂਨ ਰੱਖੀ ਗਈ, ਤਾਂ ਕਿ ਸਿੱਖ ਮਨਾਂ ਚੋ ਕੌਮੀ ਦੁੱਖ ਦਰਦ ਦੀ ਭਾਵਨਾ ਅਤੇ ਸਿੱਖ ਜਜ਼ਬੇ ਨੂੰ ਚੋਣਾਂ ਦੀਆਂ ਖੁਸ਼ੀਆਂ ਵਿੱਚ ਰਲਗੱਡ ਕਰਕੇ ਠੰਡਾ ਪਾਇਆ ਜਾ ਸਕੇ।ਇਹ ਸੱਚਮੁੱਚ ਬੜਾ ਚਲਾਕੀ ਮਕਾਰੀ ਅਤੇ ਮੰਦ ਭਾਵਨਾ ਵਾਲਾ ਵਰਤਾਰਾ ਹੈ,ਜਿਸ ਵਿੱਚ ਭੋਲ਼ੀ ਭਾਲ਼ੀ ਕੌਮ ਦਾ ਉਲਝਣਾ ਸੁਭਾਵਿਕ ਹੈ,ਕਿਉਂਕਿ ਚੋਣ ਪਰਕਿਰਿਆ ਨੂੰ ਪੂਰਾ ਕਰਨ ਲਈ ਜਿਸਤਰਾਂ ਦੇ ਹਾਲਾਤ ਹਕੂਮਤਾਂ ਵੱਲੋਂ ਬਣਾਏ ਹੋਏ ਹਨ,ਜਿਸਤਰਾਂ ਦੀਆਂ ਧੜੇਬੰਦੀਆਂ ਪੈਦਾ ਕੀਤੀਆਂ ਹੋਈਆਂ ਹਨ,ਉਹਨਾਂ ਵਿੱਚ ਕੌਮੀ ਜਜ਼ਬੇ ਵੀ ਪਛੜਕੇ ਰਹਿ ਜਾਂਦੇ ਹਨ।

ਇੱਕ ਜੂਨ ਸਿੱਖਾਂ ਲਈ ਬੇਹੱਦ ਹੀ ਮਾੜਾ ਦਿਨ ਹੈ ਅਤੇ ਹਮੇਸਾਂ ਰਹੇਗਾ।ਜੂਨ ਦਾ ਇਹ ਪਹਿਲਾ ਹਫਤਾ ਸਿੱਖਾਂ ਲਈ ਜਿੱਥੇ ਆਪਣੇ ਸਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਨ ਦਾ ਸਮਾ ਹੁੰਦਾ ਹੈ,ਓਥੇ ਉਹਨਾਂ ਦੇ ਪਾਏ ਪੂਰਨਿਆਂ ਤੇ ਚੱਲਣ ਦਾ ਅਹਿਦ ਕਰਨ ਦਾ ਵੀ ਢੁਕਵਾਂ ਸਮਾ ਹੁੰਦਾ ਹੈ ਅਤੇ ਪਿਛਲੇ 40 ਸਾਲਾਂ ਦੌਰਾਨ ਹੋਏ ਕੌੜੇ ਤੁਜੱਰਬਿਆਂ ਨੂੰ ਪੜਚੋਲਣ ਦਾ ਸਮਾ ਵੀ ਹੁੰਦਾ ਹੈ,ਜਦੋ ਸਿੱਖ ਬੁੱਧੀਜੀਵੀ ਹਫਤਾ ਭਰ ਲਹੂ ਦੇ ਅੱਥਰੂ ਡੋਲਵੀਆਂ ਲਿਖਤਾਂ ਨਾਲ ਉਸ ਦੌਰ ਦੀ ਗਾਥਾ ਬਿਆਨ ਕਰਦੇ ਹਨ।ਇਹ ਸਮਾ ਭਾਂਵੇਂ ਹਕੂਮਤਾਂ ਵੱਲੋਂ ਕੀਤੇ ਜੁਲਮਾਂ ਦੀ ਦਾਸਤਾਨ ਨੂੰ ਯਾਦ ਦਿਲਾਉਣ ਵਾਲਾ ਹੁੰਦਾ ਹੈ,ਪਰ ਇਸ ਦੇ ਨਾਲ ਹੀ ਇਹ ਸਮਾ ਸਿੱਖ ਕੌਮ ਦੀ ਨਵੀ ਪੀੜੀ ਨੂੰ ਆਪਣੇ ਸ਼ਾਨਾਂਮੱਤੇ ਇਤਿਹਾਸ ਤੋ ਜਾਣੂ ਕਰਵਾਉਣ ਦਾ ਸਮਾ ਵੀ ਹੁੰਦਾ ਹੈ। ਸੁਹਿਰਦ ਸਿੱਖ ਬੁੱਧੀਜੀਵੀਆਂ ਵੱਲੋਂ ਆਏ ਸਾਲ ਜੂਨ ਚੁਰਾਸੀ ਦੇ ਹਕੂਮਤੀ ਜਬਰ ਦੀ ਗਾਥਾ ਸਿੱਖਾਂ ਦੀ ਨਵੀਂ ਨਸਲ ਦੇ ਮਨਾਂ ਵਿੱਚ ਉਤਾਰਨ ਦੇ ਯਤਨ ਹੁੰਦੇ ਹਨ।ਆਪਣੇ ਪੁਰਖਿਆਂ ਦੀਆਂ ਮਹਾਂਨ ਅਤੇ ਅਲੌਕਿਕ ਕਹਾਣੀਆਂ ਖੁਆਰ ਹੋ ਰਹੀ ਕੌਮ ਨੂੰ ਨਵਾਂ ਉਤਸ਼ਾਹ ਬਖਸ਼ਦੀਆਂ ਹਨ।

ਇਸ ਵਾਰ ਵੋਟਾਂ ਦੇ ਨਸ਼ੇ ਵਿੱਚ ਗਲੇ ਤੱਕ ਲਹਿ ਚੁੱਕੇ ਸਿੱਖਾਂ ਨੂੰ ਇਹ ਕਦੇ ਵੀ ਨਹੀ ਸੀ ਵਿਸਾਰਨਾ ਚਾਹੀਦਾ ਕਿ ਭਾਰਤੀ ਸਿਸਟਮ ਨੇ ਜੂਨ ਦੇ ਇਸ ਹਫਤੇ ਦੌਰਾਨ ਸਿੱਖ ਕੌਮ ਨੂੰ ਕਿਹੋ ਜਿਹੇ ਜਖਮ ਦਿੱਤੇ ਸਨ,ਜਿੰਨਾਂ ਦੀ ਟੀਸ ਇੱਕ ਜੂਨ ਨੂੰ ਹਰ ਉਸ ਸਿੱਖ ਹਿਰਦੇ ਵਿੱਚ ਪੈਣੀ ਸ਼ੁਰੂ ਹੋ ਜਾਂਦੀ ਹੈ,ਜਿੰਨਾਂ ਦੇ ਖੂਨ ਵਿੱਚ ਰੱਤੀ ਭਰ ਵੀ ਗੈਰਤ ਦਾ ਮਾਦਾ ਸੰਚਾਰ ਕਰ ਰਿਹਾ ਹੈ। ਇਹ ਸਮਾ ਬਹੁਤ ਸਾਰੀਆਂ ਉਹ ਯਾਦਾਂ ਵੀ ਤਾਜਾ ਕਰ ਦਿੰਦਾ ਹੈ,ਜਦੋਂ ਇਸ ਕਹਿਰ ਦਾ ਬਦਲਾ ਲੈਣ ਲਈ ਦੇਸ਼ ਦੀ ਤਤਕਾਲੀ ਪ੍ਰਧਾਨ ਮੰਤਰੀ ਦੇ ਅੰਗ ਰੱਖਿਅਕਾਂ ਦੇ ਖੂਨ ਨੇ ਉਬਾਲ਼ਾ ਖਾਧਾ ਤੇ ਇੱਕ ਅਜਿਹਾ ਇਤਿਹਾਸ ਦੁਹਰਾ ਦਿੱਤਾ ਜਿਸ ਨੇ ਸਿੱਖਾਂ ਦੇ ਬਲੂੰਧਰੇ ਹਿਰਦਿਆਂ ਨੂੰ ਕੁੱਝ ਹੱਦ ਤੱਕ ਸਕੂਨ ਦਿੱਤਾ ਸੀ।ਹੁਣ ਜਦੋ ਫਿਰ ਇਹ ਖੂਨੀ ਹਫਤਾ ਆ ਗਿਆ ਹੈ,ਤਾਂ ਇਸ ਵਾਰ ਸਿੱਖ ਮਨਾਂ ਚ ਇਹ ਟੀਸ ਹੋਰ ਵੀ ਸਿੱਦਤ ਨਾਲ ਮਹਿਸੂਸ ਕੀਤੀ ਜਾਣੀ ਬਣਦੀ ਹੈ ਅਤੇ ਸੋਚਿਆ ਜਾਣਾ ਬਣਦਾ ਹੈ ਕਿ ਕਿਵੇਂ ਸਿਸਟਮ ਸਿੱਖ ਹਿਰਦਿਆਂ ਚੋ ਘੱਲੂਘਾਰੇ ਦੀ ਯਾਦ ਨੂੰ ਮਿਟਾਉਣ ਦੀਆਂ ਅਸਫਲ ਕੋਸ਼ਿਸ਼ਾਂ ਕਰ ਰਿਹਾ ਹੈ।






ARES REALTY
Residential | Commercial | Investment

Thinking
Of Selling Or
Buying A Home ?



ਘਰ ਜਾਂ Business ਵੇਚਣਾ ਜਾਂ ਖਰੀਦਣਾ ਹੋਵੇ

Residential | Commercial | Industrial | Raw land

ਜਿਵੇਂ :Farm House ,Liquor Stores ,Gas Stations
ਹਰ ਤਰ੍ਹਾਂ ਦੇ Apartments, Buildings Car Wash,
Truck Wash ਜਾਂ Gas Pumps ਵਰਗੀਆਂ ਪ੍ਰੋਪਰਟੀਜ਼

ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਮਿਲੋ - ARES REALTY

Broker | Realtor | Mortgage Loan Originator : Tony Singh : (916) 519-7009 License ID: 01901843

REALTOR

| Jassi Avtar : | Alex Singh : | Rupinder Dhaliwal ( Ruby ): | Amarbir Takhar : | Harpreet Singh : | Roseleen Kumar : |
|---|---|---|---|---|---|
| (916) 335-3760 | (916) 582-4394 | (916) 764-2859 | (209) 277-9200 | (510) 589-8409 | (916)802-4833 |
| License ID: 02192444 | License ID: 02191925 | License ID: 01461487 | License ID: 02225690 | License ID: 02194943 | License ID: 02028063 |

OFFICE MANAGER | MARKETING DIRECTOR Sadie EL Ibrahimi : (916)-829-4200 | E-FAX : (916) 367-6756

TRS Constructions

ਘਰ ਵੇਚਣਾ ਹੋਵੇ, ਖ਼ਰੀਦਣਾ ਹੋਵੇ ਜਾਂ ਹੋਣ ਵਾਲੀ ਹੈ ਤੁਹਾਡੇ ਘਰ ਦੀ ਮੁਰੰਮਤ

ਅਸੀਂ ਘਰ ਦੀ ਸਾਰੀ Repair ਤੇ Re -Modelling ਕਰਦੇ ਹਾਂ | Without Any Money Out Of Your Pocket

ਤੁਸੀਂ ਇੱਕ ਵੀ ਪੈਸਾ ਨਹੀਂ ਦਿਓਗੇ TRS Constructions ਨੂੰ ਤੁਹਾਡੀ Sale ਦੇ ਵਿੱਚੋਂ Pay ਹੋ ਜਾਣਗੇ

ਵਧੇਰੇ ਜਾਣਕਾਰੀ ਜਾਂ ਕਿਸੇ ਵੀ ਤਰ੍ਹਾਂ ਦੀ Quiry ਲਈ ਕਾਲ : Tony Singh : (916) 519-7009 Loan Contractor
License ID: 01901843

ARES LENDING
Residential | Commercial | Investment



# ਆਪਣਾ ਘਰ Re-Finance ਜਾਂ ਖ਼ਰੀਦਣਾ

Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ ਤਾਂ **ARES LANDING Assist** ਕਰ ਸਕਦੀ ਹੈ :




SBA LOAN | FHA LOAN | CONVENTIONAL LOAN | Commercial Loan | PRIVATE LOAN | VA LOAN

## ਜੇਕਰ ਤੁਸੀਂ Veteran ਹੋ America ਦੇ ਤਾਂ

## ਤੁਹਾਨੂੰ 100% Financing Veteran ਦਾ ਆਪਾ ਦਵਾ ਸਕਦੇ ਹਾਂ

**Contact (TONY SINGH ) For More INFO at : (916) 519-7009**

DRE#: 01901843 | NMLS: 823070 | DRE# 02188764 | NMLS# 2402240

# TRS LDA SERVICES COMPANY

DRE# 02188764 | LDA# 2022-001

**Loan ਲੈਣ ਵਿੱਚ ਆਉਂਦੀ ਹੋਵੇ ਮੁਸ਼ਕਿਲ ਤਾਂ TRS LDA SERVICES COMPANY ਕੋਲ ਹੈ Credit Repair ਦਾ ਹਰ ਹੱਲ**

Credit ਠੀਕ ਕਰਵਾਉਣਾ ਹੋਵੇ | Credit ਤੇ Negative Items ਹੋਣ | ਜ਼ਿਆਦਾ Enquiries ਹੋਣ

ਤੁਹਾਡਾ LOAN ਪਾਸ ਨਾ ਹੁੰਦਾ ਹੋਵੇ, ਤਾਂ ਅਸੀਂ ਤੁਹਾਡਾ Credit FIX ਕਰਨ ਵਿੱਚ ਮਦਦ ਕਰਦੇ ਹਾਂ
ਤੁਹਾਡਾ Score ਘੱਟ ਹੈ ਤਾਂ ਸਾਡੀ Company Credit Repair ਵੀ ਕਰਦੀ ਹੈ

**ਜਾਣਕਾਰੀ ਲਈ ਕਾਲ ਕਰੋ : Credit Analyst : Fatima Fierros : (916) 829-4200**

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ–ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ ’ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ–ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV ’ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port ’ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ ’ਚ ਵੇਖੋ ਅਤੇ ਰੇਡੀਓ ’ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV ’ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# ARCPOINT LABS
## OF MANTECA

Accurate, Reliable, Confidential Testing.

**ਸਾਡੀਆਂ ਸੇਵਾਵਾਂ :**

**DOT ਦੇ Drug ਤੇ Alcohal Testing**
**Pre- Employment Testing | Physicals**
**Hair & Nail Testing |Immigration DNA**
**Paternity & Relationship DNA**


## Health Checkups ਜਿਵੇਂ :


Cholestrol Test


Heart Health


Thyroid Test


Diabetes Test


Food Allergy



Vitamin & Nutrient Test

**ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ**




**ਵਧੇਰੇ ਜਾਣਕਾਰੀ ਲਈ ਕਾਲ ਕਰੋ :**
**(209) 629-8282 | (209) 505-6384**

**Address : 119. Maple AVe, Suite A Manteca, CA 95336**



SANJHI SOCH
ਬਰਜਿੰਦਰ ਕੌਰ ਬਿਸਰਾਓ
99889-01324

# ਤੰਬਾਕੂ ਵਿਰੋਧੀ ਦਿਵਸ ਕਿੰਨਾ ਕੁ ਕਾਰਾਗਰ

ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਇੱਕ ਛੋਟੀ ਤੋਂ ਛੋਟੀ ਇਕਾਈ ਤੋਂ ਲੈਕੇ ਵਿਸ਼ਵ ਸਿਹਤ ਸੰਗਠਨ ਤੱਕ ਵੱਖ ਵੱਖ ਤਰੀਕਿਆਂ ਨਾਲ ਉਪਰਾਲੇ ਕੀਤੇ ਜਾਂਦੇ ਹਨ। ਬੇਸ਼ੱਕ ਵਿਸ਼ਵ ਨਸ਼ਾ ਮੁਕਤ ਦਿਵਸ 28 ਜੂਨ ਨੂੰ ਵਿਸ਼ਵ ਪੱਧਰ ਤੇ ਮਨਾਇਆ ਜਾਂਦਾ ਹੈ ਪਰੰਤੂ ਉਸ ਤੋਂ ਕੁਝ ਦਿਨ ਪਹਿਲਾਂ ਤੰਬਾਕੂ ਵਿਰੋਧੀ ਦਿਵਸ ਵੀ ਮਨਾਇਆ ਜਾਂਦਾ ਹੈ।ਜਦ ਕਿ ਤੰਬਾਕੂ ਵੀ ਇੱਕ ਨਸ਼ਾ ਹੀ ਹੈ।ਇਸ ਦਾ ਸੇਵਨ ਲੋਕ ਬਹੁਮਾਤਰਾ ਵਿੱਚ ਕਰਦੇ ਹਨ। ਇਹ ਨਸ਼ਾ ਸਸਤਾ ਅਤੇ ਛੇਤੀ ਉਪਲਬਧ ਹੋ ਜਾਣ ਕਰਕੇ ਆਰਥਿਕ ਤੌਰ ਤੇ ਪਿਛੜੇ ਲੋਕ ਵੀ ਇਸ ਨੂੰ ਆਸਾਨੀ ਨਾਲ ਪ੍ਰਾਪਤ ਕਰ ਲੈਂਦੇ ਹਨ। ਤੰਬਾਕੂ ਆਮ ਬਜ਼ਾਰਾਂ ਵਿੱਚ ਉਪਲਬੱਧ ਹੁੰਦਾ ਹੈ। ਇੱਕ ਪਾਸੇ ਤਾਂ ਵਿਸ਼ਵ ਪੱਧਰ ਤੇ ਇਹੋ ਜਿਹੇ ਨਸ਼ਿਆਂ ਦੇ ਵਿਰੋਧ ਵਿੱਚ ਦਿਵਸ ਮਨਾਏ ਜਾਂਦੇ ਹਨ ਦੂਜੇ ਪਾਸੇ ਇਸ ਦੀ ਵਿੱਕਰੀ ਕੀਤੀ ਜਾਂਦੀ ਹੈ। ਜਿਹੜੀਆਂ ਵਸਤਾਂ ਨੂੰ ਮਾਰਕੀਟ ਵਿੱਚ ਅਸਾਨੀ ਨਾਲ ਖਰੀਦਿਆ ਜਾ ਸਕਦਾ ਹੋਵੇ,ਉਸ ਨੂੰ ਬੰਦ ਕਰਨ ਲਈ ਫਿਰ ਉਪਰਾਲੇ ਕਰਨੇ, ਬਹੁਤ ਸੋਚਣ ਦਾ ਵਿਸ਼ਾ ਹੈ।ਤੰਬਾਕੂਨੋਸ਼ੀ ਕਾਰਨ ਕਈ ਨਾਮੁਰਾਦ ਅਤੇ ਲਾਇਲਾਜ ਬੀਮਾਰੀਆਂ ਲੱਗ ਜਾਂਦੀਆਂ ਹਨ ਜਿਹਨਾਂ ਵਿੱਚ ਕੈਂਸਰ, ਦਮਾ, ਚਮੜੀ ਦੇ ਰੋਗ, ਦਿਲ ਦੀਆਂ ਬੀਮਾਰੀਆਂ, ਬੋਲਾਪਣ, ਫੇਫੜਿਆਂ ਦੇ ਰੋਗ ਤੇ ਹੋਰ ਅਨੇਕਾਂ ਬੀਮਾਰੀਆਂ ਸ਼ਾਮਲ ਹਨ। ਭਾਵੇਂ ਬਹੁਤ ਸਾਰੇ ਦੇਸ਼ਾਂ ਵਿੱਚ ਜਨਤਕ ਥਾਵਾਂ 'ਤੇ ਤੰਬਾਕੂ ਦੀ ਵਰਤੋਂ ਕਰਨ ਤੋਂ ਰੋਕਣ ਲਈ ਕਾਨੂੰਨ ਬਣਾਇਆ ਗਿਆ ਹੈ ਤਾਂ ਕਿ ਇਸ ਮਾਰੂ ਬਿਮਾਰੀ ਤੋਂ ਬਚਿਆ ਜਾ ਸਕੇ।ਕੌਮਾਂਤਰੀ ਤੰਬਾਕੂਮੁਕਤ ਦਿਵਸ ਪੂਰੀ ਦੁਨੀਆ ਵਿੱਚ 31 ਮਈ ਨੂੰ ਮਨਾਇਆ ਜਾਂਦਾ ਹੈ। ਵਿਸ਼ਵ ਸਿਹਤ ਸੰਗਠਨ ਵੱਲੋਂ 7 ਅਪ੍ਰੈਲ 1988 ਨੂੰ ਤੰਬਾਕੂ ਵਿਰੋਧੀ ਦਿਵਸ ਮਨਾਉਣ ਦੀ ਘੋਸ਼ਣਾ ਕੀਤੀ ਗਈ ਸੀ।ਇਸ ਦਿਨ ਸਰਕਾਰੀ ਅਤੇ ਗ਼ੈਰ-ਸਰਕਾਰੀ ਸੰਸਥਾਵਾਂ ਵੱਲੋਂ ਲੋਕਾਂ ਨੂੰ ਤੰਬਾਕੂਨੋਸ਼ੀ ਤੋਂ ਹੋਣ ਵਾਲੀਆਂ ਬੀਮਾਰੀਆਂ ਪ੍ਰਤੀ ਜਾਗਰੂਕ ਕੀਤਾ ਜਾਂਦਾ ਹੈ। ਤੰਬਾਕੂਨੋਸ਼ੀ ਕਰਨ ਨਾਲ ਫੇਫੜਿਆਂ ਦੇ ਕੈਂਸਰ ਹੋਣ ਦਾ ਗੰਭੀਰ ਖਤਰਾ ਹੈ।ਦਿਲ ਦੀਆਂ ਬਿਮਾਰੀਆਂ ਵਾਲੇ ਮਰੀਜ਼ਾਂ ਵਿੱਚ ਤੀਹ ਤੋਂ ਪੈਂਤੀ ਪ੍ਰਤੀਸ਼ਤ ਮਰੀਜ਼ ਵੀ ਤੰਬਾਕੂ ਦੀ ਵਰਤੋਂ ਕਰਨ ਵਾਲੇ ਹੀ ਹੁੰਦੇ ਹਨ। 65 ਸਾਲ ਤੋਂ ਘੱਟ ਉਮਰ ਵਿੱਚ ਦਿਲ ਦੇ ਦੌਰੇ ਨਾਲ ਮਰਨ ਵਾਲਿਆਂ ਵਿੱਚ ਚਾਲ਼ੀ ਪ੍ਰਤੀਸ਼ਤ ਤੰਬਾਕੂ ਦੀ ਵਰਤੋਂ ਕਰਨ ਵਾਲੇ ਹੁੰਦੇ ਹਨ। ਸਾਹ ਦੀਆਂ ਬਿਮਾਰੀਆਂ ਵੀ ਜ਼ਿਆਦਾਤਰ ਤੰਬਾਕੂਨੋਸ਼ੀ ਕਾਰਨ ਹੁੰਦੀਆਂ ਹਨ।ਤੰਬਾਕੂ ਦੇ ਸੇਵਨ ਨਾਲ ਇਨਸਾਨ ਨੂੰ ਕਈ ਤਰ੍ਹਾਂ ਦੀਆਂ ਬਿਮਾਰੀਆਂ ਚਿੰਬੜ ਜਾਂਦੀਆਂ ਹਨ।ਇਸ ਦੇ ਸੇਵਨ ਨਾਲ ਪੈਦਾ ਹੋਈ ਜ਼ਹਿਰੀਲੀ ਗੈਸ ਨਿਕੋਟੀਨ ਦਾ ਕੁੱਖ ਵਿੱਚ ਪਲ ਰਹੇ ਭਰੂਣ ਦੇ ਦਿਮਾਗੀ ਵਿਕਾਸ 'ਤੇ ਵੀ ਬੁਰਾ ਅਸਰ ਪੈਂਦਾ ਹੈ। ਸੰਸਾਰ ਵਿੱਚ ਤੰਬਾਕੂ ਦੀ ਵਰਤੋਂ ਨਾਲ ਹਰ ਸਾਲ ਲਗਭਗ ਨੱਬੇ ਲੱਖ ਲੋਕ ਮੌਤ ਦੇ ਮੂੰਹ ਵਿੱਚ ਜਾਂਦੇ ਹਨ ਅਤੇ ਭਾਰਤ ਵਿੱਚ ਅੱਠ ਲੱਖ ਲੋਕ ਸਿਗਰਟ ਨੋਸ਼ੀ ਕਰ ਕੇ ਮਰਦੇ ਹਨ।ਤੰਬਾਕੂ ਦਾ ਸੇਵਨ ਕਰਨ ਵਾਲੇ ਵਿਅਕਤੀਆਂ ਦੇ ਮੂੰਹ ਵਿੱਚੋਂ ਨਿਕਲਿਆ ਧੂੰਆਂ ਨੇੜੇ ਬੈਠੇ ਵਿਅਕਤੀ ਨੂੰ ਵੀ ਬਿਮਾਰੀ ਦੀ ਲਪੇਟ ਵਿੱਚ ਲੈ ਸਕਦਾ ਹੈ। ਤੰਬਾਕੂਨੋਸ਼ੀ ਵਾਤਾਵਰਨ ਲਈ ਵੀ ਮਾਰੂ ਹੈ।ਪੰਜਾਬ ਵਿੱਚ ਸਿਹਤ ਵਿਭਾਗ ਵੱਲੋਂ ਸਕੂਲ ਅਤੇ ਕਾਲਜਾਂ ਦੇ ਆਲੇ ਦੁਆਲੇ ਦੇ 100 ਗਜ਼ ਦੇ ਘੇਰੇ ਨੂੰ ਤੰਬਾਕੂ ਮੁਕਤ ਜ਼ੋਨ ਐਲਾਨ ਕਰਨ ਤਹਿਤ ਯੈਲੋ ਲਾਈਨ ਮੁਹਿੰਮ ਚਲਾਈ ਗਈ ਹੈ ਜਿਸ ਤਹਿਤ ਸਕੂਲਾਂ ਤੇ ਕਾਲਜਾਂ ਦੇ ਬਾਹਰ ਤੰਬਾਕੂ ਮੁਕਤ ਜ਼ੋਨ ਦੁਆਲੇ ਪੀਲੀ ਪੱਟੀ ਲਗਾਈ ਜਾਂਦੀ ਹੈ ਜੋ ਕਿ ਤੰਬਾਕੂ ਮੁਕਤ ਖੇਤਰ ਘੋਸ਼ਿਤ ਕੀਤਾ ਜਾਂਦਾ ਹੈ। ਵਿੱਦਿਅਕ ਅਦਾਰਿਆਂ ਦੇ ਬਾਹਰ ਤੰਬਾਕੂ ਮੁਕਤ ਜ਼ੋਨ ਯੈਲੋ ਲਾਈਨ ਲਗਾਉਣ ਦੀ ਹਦਾਇਤ ਕੀਤੀ ਜਾਂਦੀ ਹੈ ਇਸ ਖੇਤਰ ਵਿੱਚ ਕੋਈ ਵੀ ਵਿਅਕਤੀ ਨਾਂ ਤਾਂ ਤੰਬਾਕੂ ਪਦਾਰਥ ਵੇਚ ਸਕਦਾ ਹੈ ਅਤੇ ਨਾ ਹੀ ਇਸਤੇਮਾਲ ਕਰ ਸਕਦਾ ਹੈ।ਸਿਹਤ ਵਿਭਾਗ ਵੱਲੋਂ ਅਜਿਹਾ ਤੰਬਾਕੂ ਕੰਟਰੋਲ ਐਕਟ (ਕੋਟਪਾ) 2003 ਦੀ ਧਾਰਾ 6 ਬੀ ਦੀ ਪਾਲਣਾ ਕਰਦੇ ਹੋਏ ਸਕੂਲਾਂ ਤੇ ਕਾਲਜਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਤੋਂ ਬਚਾਅ ਲਈ ਅਹਿਮ ਕਦਮ ਚੁੱਕਿਆ ਗਿਆ ਹੈ।ਤੰਬਾਕੂ ਦੀ ਭੈੜੀ ਅਤੇ ਜਾਨਲੇਵਾ ਆਦਤ ਤੋਂ ਆਪਣੀ ਨਵੀਂ ਪੀੜੀ ਨੂੰ ਬਚਾਉਣਾ ਬਹੁਤ ਜ਼ਰੂਰੀ ਹੈ।ਇਸ ਲਈ ਤੰਬਾਕੂ ਕੰਟਰੋਲ ਐਕਟ ਦੀ ਪਾਲਣਾ ਕਰਦੇ ਹੋਏ ਸਕੂਲਾਂ ਅਤੇ ਕਾਲਜਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਤੰਬਾਕੂ ਵਿਰੋਧੀ ਸਹੁੰ ਚੁਕਾਈ ਜਾਂਦੀ ਹੈ ਅਤੇ ਤੰਬਾਕੂ ਦੇ ਮਨੁੱਖੀ ਸਿਹਤ ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵੀ ਜਾਗਰੂਕ ਕੀਤਾ ਜਾਂਦਾ ਹੈ। ਸੌ ਗਜ਼ ਦੇ ਘੇਰੇ ਅੰਦਰ ਕੋਈ ਵੀ ਵਿਅਕਤੀ ਤੰਬਾਕੂ ਦੀ ਵਿੱਕਰੀ ਨਹੀਂ ਕਰ ਸਕਦਾ ਅਤੇ ਇਹ ਯਕੀਨੀ ਬਣਾਇਆ ਜਾਂਦਾ ਹੈ ਕਿ ਇਹ ਇੱਕ ਕਾਨੂੰਨੀ ਤੌਰ ਤੇ ਸਜ਼ਾ ਯੋਗ ਅਪਰਾਧ ਹੈ। ਇਸ ਨੂੰ ਠੱਲ੍ਹ ਪਾਉਣ ਲਈ ਇਸ ਦੀ ਵਿਕਰੀ ਤੇ ਲਾਈਸੈਂਸ ਦੇਣ ਦੀ ਮੰਗ ਕੀਤੀ ਜਾਂਦੀ ਰਹੀ ਹੈ। ਉਪਰੋਕਤ ਵਿਚਾਰ ਚਰਚਾ ਤੋਂ ਬਾਅਦ ਫਿਰ ਇਹ ਸਵਾਲ ਪੈਦਾ ਹੁੰਦਾ ਹੈ ਕਿ ਕੀ ਸੌ ਗਜ਼ ਦੇ ਘੇਰੇ ਅੰਦਰ ਤੰਬਾਕੂ ਮੁਕਤ ਖੇਤਰ ਬਣਾਉਣਾ ਕਾਫ਼ੀ ਹੈ? ਕੀ ਅੱਜ ਕੱਲ੍ਹ ਦੇ ਬੱਚਿਆਂ ਨੂੰ ਸੌ ਗਜ਼ ਤੋਂ ਪਾਰ ਜਾਣਾ ਔਖਾ ਹੈ?ਜਿਹੜਾ ਨਸ਼ਾ ਆਮ ਦੁਕਾਨਾਂ ਤੇ ਅਸਾਨੀ ਨਾਲ ਉਪਲਬੱਧ ਹੋ ਸਕਦਾ ਹੋਵੇ,ਉਸ ਲਈ ਐਨੀਆਂ ਕੁ ਕੋਸ਼ਿਸ਼ਾਂ ਨਾ ਕਾਫ਼ੀ ਜਾਪਦੀਆਂ ਹਨ। ਜਿਹੜੇ ਤੰਬਾਕੂ ਦੇ ਵਿਰੋਧ ਵਿੱਚ ਵਿਸ਼ਵ ਪੱਧਰ ਤੇ ਦਿਵਸ ਮਨਾਇਆ ਜਾਂਦਾ ਜਾਵੇ ਉਸ ਦਾ ਉਤਪਾਦਨ ਹੀ ਕਿਉਂ ਕੀਤਾ ਜਾਂਦਾ ਹੈ? ਕਿਸੇ ਵੀ ਚੀਜ਼ ਦਾ ਉਤਪਾਦਨ ਕਰਕੇ ਉਸ ਨੂੰ ਮਾਰਕੀਟ ਵਿੱਚ ਵੇਚਣ ਲਈ ਲਿਆਉਣ ਦਾ ਸਿੱਧੇ ਤੌਰ ਤੇ ਮਤਲਬ ਇਹ ਹੁੰਦਾ ਹੈ ਕਿ ਉਸ ਦੇ ਖ਼ਰੀਦਦਾਰ ਪੈਦਾ ਕੀਤੇ ਜਾਣ। ਜਦ ਸਰਕਾਰਾਂ ਨੂੰ ਪਤਾ ਹੈ ਕਿ ਇਹ ਇੱਕ ਨੁਕਸਾਨਦੇਹ ਨਸ਼ੀਲਾ ਪਦਾਰਥ ਹੈ ਤਾਂ ਇਸ ਨੂੰ ਇਸ ਦੀਆਂ ਜੜ੍ਹਾਂ ਤੋਂ ਮੁਕਤ ਕਰਨ ਲਈ ਕਾਰਵਾਈ ਕਰਨੀ ਚਾਹੀਦੀ ਹੈ। ਲੋਕਾਂ ਨੂੰ ਵੀ ਤੰਬਾਕੂ ਦੇ ਵਿਰੋਧ ਵਿੱਚ ਜਾਗਰੁਕ ਕਰਨ ਦਾ ਤਾਂ ਹੀ ਫਾਇਦਾ ਹੋ ਸਕਦਾ ਹੈ ਜੇ ਇਸ ਦੀ ਖੁੱਲ੍ਹੀ ਵਿਕਰੀ ਬੰਦ ਕੀਤੀ ਜਾਵੇ।







web -www.globaltruckpermits.com
email -info@globaltruckpermits.com
ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਕੈਲੇਫੋਰਨੀਆ ਅੰਦਰ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
"ਸਾਡਾ ਇਸ ਕੰਮ ਵਿਚ 18 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
Cell : (510) 557-6988 | Ph : 209-636-0880
Address: 159 Darcy Pkwy Lathrop CA 95330


AAA
TRUCK WASH
ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ
ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ
Our Locations :-
Delhi | Merced | Madera | Santa Nella
Tracy | San Fransisco | Corning
Old Truck Stop Gemco Ripon Next to Flying J, Santos Ave ਦੇ ਉੱਤੇ
Find nearest Location & Hours
Call at 1800-405-9274 or visit our website for
credit application to open credit account with our company
ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ
Tire Shop, Repair Shop, Oil & Lube Shop available on our locations
Website:- www.aaatruckwash.com

WE HAVE THE CHEAPEST FARES TO INDIA

# LEGEND TRAVEL

arc accredited agency

CST # 207524-40

Special Fares To India From West-coast (us) On Air India Direct Flights



JATINDER SINGH




LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108, FREMONT CA 94536 PH.: 510-797-9010

Website: www.legendamerica.net

Emirates | CATHAY PACIFIC | ASIANA AIRLINES | JET AIRWAYS | CHINA AIRLINES | BRITISH AIRWAYS | SINGAPORE AIRLINES | Lufthansa | ANA

# ਨਰਗਿਸ ਦੀ ਜ਼ਿੰਦਗੀ ਦੇ ਦਿਲਚਸਪ ਤੱਥ



ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.



ਭਾਰਤੀ ਸਿਨੇਮਾ ਦੀ ਦਿੱਗਜ ਅਭਿਨੇਤਰੀ ਨਰਗਿਸ ਦਾ ਅੱਜ ਜਨਮਦਿਨ ਹੈ। ਉਹਦਾ ਜਨਮ 1 ਜੂਨ 1929 ਨੂੰ ਬੰਗਾਲ ਪ੍ਰੈਜੀਡੈਂਸੀ, ਕਲਕੱਤਾ ਵਿਖੇ ਹੋਇਆ। ਨਰਗਿਸ ਮਸ਼ਹੂਰ ਗਾਇਕਾ ਜੱਦਨਬਾਈ (1892-1949) ਦੀ ਬੇਟੀ ਸੀ। ਉਹਦੇ ਪਿਤਾ ਦਾ ਨਾਂ ਮੋਹਨ ਚੰਦ ਉੱਤਮ ਚੰਦ ਜਾਂ ਮੋਹਨ ਬਾਬੂ ਸੀ, ਜੋ ਇਸਲਾਮ ਧਰਮ ਅਪਣਾ ਕੇ ਅਬਦੁਲ ਰਸ਼ੀਦ ਬਣ ਗਏ ਸਨ। ਨਰਗਿਸ ਦਾ ਅਸਲੀ ਨਾਂ ਵੀ ਫ਼ਾਤਿਮਾ ਰਸ਼ੀਦ ਸੀ।

ਨਰਗਿਸ ਆਪਣੀ ਐਕਟਿੰਗ ਦੇ ਦਮ ਤੇ ਲੱਖਾਂ ਦਿਲਾਂ ਤੇ ਲੰਮਾ ਸਮਾਂ ਰਾਜ ਕਰਦੀ ਰਹੀ। ਉਹਨੇ ਕਈ ਫ਼ਿਲਮਾਂ ਵਿੱਚ ਆਪਣੀ ਸ਼ਾਨਦਾਰ ਅਦਾਇਗੀ ਦਾ ਲੋਹਾ ਮਨਵਾਇਆ ਅਤੇ ਹਿੰਦੀ ਸਿਨੇਮਾ ਨੂੰ ਬਹੁਤ ਸਾਰੀਆਂ ਹਿੱਟ ਫ਼ਿਲਮਾਂ ਪ੍ਰਦਾਨ ਕੀਤੀਆਂ। ਉਹ ਆਪਣੀ ਖ਼ੂਬਸੂਰਤੀ ਅਤੇ ਸਾਦਗੀ ਲਈ ਵੀ ਜਾਣੀ ਜਾਂਦੀ ਸੀ। ਉਹਨੂੰ 'ਲੇਡੀ ਇਨ ਵਾਈਟ' ਕਿਹਾ ਜਾਂਦਾ ਸੀ। ਅਸਲ ਵਿੱਚ ਉਹਦਾ 'ਫ਼ੈਸ਼ਨ ਸੈਂਸ' ਕਮਾਲ ਦਾ ਸੀ। ਉਹ ਜ਼ਿਆਦਾਤਰ ਸਫ਼ੈਦ ਰੰਗ ਦੀਆਂ ਸਾੜੀਆਂ ਪਹਿਨਣਾ ਪਸੰਦ ਕਰਦੀ ਸੀ। ਇਨ੍ਹਾਂ ਵਿੱਚ ਵੀ ਉਹ ਬੇਹੱਦ ਖ਼ੂਬਸੂਰਤ ਦਿੱਸਦੀ ਸੀ। ਇਸੇ ਵਜਾਹ ਕਰਕੇ ਉਹਨੂੰ 'ਲੇਡੀ ਇਨ ਵਾਈਟ' ਕਿਹਾ ਜਾਣ ਲੱਗ ਪਿਆ ਸੀ।

ਨਰਗਿਸ ਨੇ ਆਪਣੇ ਕਰੀਅਰ ਦੀ ਸ਼ੁਰੂਆਤ ਬਤੌਰ ਚਾਈਲਡ ਆਰਟਿਸਟ ਕੀਤੀ ਸੀ। ਜਦੋਂ ਉਹਨੇ ਸਿਨੇਮਾ 'ਚ ਕਦਮ ਧਰਿਆ ਤਾਂ ਉਹ ਸਿਰਫ਼ ਪੰਜ ਸਾਲ ਦੀ ਸੀ। ਉਹਦੀ ਪਹਿਲੀ ਫ਼ਿਲਮ 'ਤਲਾਸ਼-ਏ-ਹੱਕ' (1935) ਸੀ। ਇਹ ਫ਼ਿਲਮ 'ਸੰਗੀਤ ਫ਼ਿਲਮਜ਼' ਨਾਂ ਦੀ ਪ੍ਰੋਡਕਸ਼ਨ ਕੰਪਨੀ ਵੱਲੋਂ ਜਾਰੀ ਕੀਤੀ ਗਈ ਸੀ। ਇਹ ਪ੍ਰੋਡਕਸ਼ਨ ਕੰਪਨੀ ਉਹਦੀ ਮਾਂ ਜੱਦਨਬਾਈ ਵੱਲੋਂ ਸ਼ੁਰੂ ਕੀਤੀ ਗਈ ਸੀ, ਜੋ ਭਾਰਤੀ ਫ਼ਿਲਮ ਉਦਯੋਗ ਦੀ ਪਹਿਲੀ ਔਰਤ ਸੰਗੀਤ ਨਿਰਦੇਸ਼ਕਾ ਸੀ। (ਇਹ ਪ੍ਰੋਡਕਸ਼ਨ ਕੰਪਨੀ 1940 ਦੇ ਨੇੜੇ ਤੇੜੇ ਬੰਦ ਹੋ ਗਈ ਸੀ, ਕਿਉਂਕਿ ਉਸ ਸਮੇਂ ਤੱਕ ਹੋਰ ਵੱਡੇ ਪ੍ਰੋਡਕਸ਼ਨ ਹਾਊਸ ਸ਼ੁਰੂ ਹੋ ਚੁੱਕੇ ਸਨ।) ਇਸ ਫ਼ਿਲਮ ਵਿੱਚ ਨਰਗਿਸ ਦੇ ਕੰਮ ਨੂੰ ਕਾਫ਼ੀ ਪਸੰਦ ਕੀਤਾ ਗਿਆ ਸੀ।

ਨਰਗਿਸ ਪਹਿਲੀ ਵਾਰੀ ਲੀਡ ਐਕਟਰੈਸ ਵਜੋਂ 'ਤਮੰਨਾ' (1942) ਰਾਹੀਂ ਸਾਹਮਣੇ ਆਈ। ਉਹਦੀ ਜੁਗਲਬੰਦੀ ਹਿੰਦੀ ਫ਼ਿਲਮਾਂ ਦੇ ਵੱਡੇ ਸ਼ੋਅਮੈਨ ਰਾਜਕਪੂਰ (1924-1988) ਨਾਲ ਖ਼ੂਬ ਚਰਚਿਤ ਰਹੀ। ਪਰਦੇ ਤੇ ਇਨ੍ਹਾਂ ਦੋਹਾਂ ਦੀ ਕੈਮਿਸਟਰੀ ਇੰਨੀ ਜ਼ਬਰਦਸਤ ਸੀ ਕਿ ਇਹਦਾ ਅਸਰ ਪਰਦੇ ਦੇ ਪਿੱਛੇ ਵੀ ਨਜ਼ਰ ਆਇਆ। ਫ਼ਿਲਮਾਂ ਦੇ ਨਾਲ ਨਾਲ ਨਰਗਿਸ ਅਤੇ ਰਾਜਕਪੂਰ ਦੀ ਨਿੱਜੀ ਜ਼ਿੰਦਗੀ ਬਾਰੇ ਵੀ ਕਾਫ਼ੀ ਚਰਚਾ ਹੋਈ। ਰਾਜਕਪੂਰ ਨਾਲ ਨਰਗਿਸ ਦੀ ਜੋੜੀ 40 ਦੇ ਦਹਾਕੇ ਵਿੱਚ ਬਣੀ ਸੀ ਪਰ 60 ਦਾ ਦਹਾਕਾ ਆਉਂਦੇ ਆਉਂਦੇ ਇਹ ਸੁਪਰਹਿੱਟ ਜੋੜੀ ਟੁੱਟ ਗਈ। ਰਾਜਕਪੂਰ ਅਤੇ ਨਰਗਿਸ ਦਾ ਰਿਸ਼ਤਾ ਕਰੀਬ 9 ਸਾਲ ਚੱਲਿਆ। ਦੋਵੇਂ ਸ਼ਾਦੀ ਕਰਨਾ ਚਾਹੁੰਦੇ ਸਨ ਪਰ ਰਾਜਕਪੂਰ ਪਹਿਲਾਂ ਤੋਂ ਹੀ ਸ਼ਾਦੀਸ਼ੁਦਾ ਹੋਣ ਕਰਕੇ ਇਹ ਯੋਜਨਾ ਸਿਰੇ ਨਾ ਚੜ੍ਹ ਸਕੀ।

ਰਾਜਕਪੂਰ ਨਾਲ ਰਿਸ਼ਤਾ ਟੁੱਟਣ ਪਿੱਛੋਂ ਸੁਨੀਲ ਦੱਤ (1929- 2005) ਉਹਦੀ ਜ਼ਿੰਦਗੀ ਵਿੱਚ ਆਇਆ। 1957 ਵਿੱਚ ਮਹਿਬੂਬ ਖ਼ਾਨ ਦੀ 'ਮਦਰ ਇੰਡੀਆ' ਦੇ ਸੈੱਟ ਤੇ ਨਰਗਿਸ ਤੇ ਸੁਨੀਲ ਦੱਤ ਵਿੱਚ ਦੋਸਤੀ ਹੋ ਗਈ ਜੋ ਪਿਆਰ ਵਿੱਚ ਬਦਲ ਗਈ। ਸਾਲ 1958 ਵਿੱਚ ਦੋਹਾਂ ਨੇ ਸ਼ਾਦੀ ਕਰ ਲਈ। ਦੋਹਾਂ ਦੇ ਤਿੰਨ ਬੱਚੇ ਹੋਏ- ਪ੍ਰਸਿੱਧ ਅਭਿਨੇਤਾ ਸੰਜੇ ਦੱਤ, ਬੇਟੀਆਂ ਪ੍ਰਿਆ ਦੱਤ ਤੇ ਨਮਰਤਾ ਦੱਤ।

ਨਰਗਿਸ ਭਾਰਤੀ ਸਿਨੇਮਾ ਦੀ ਪਹਿਲੀ ਔਰਤ ਸੀ, ਜੀਹਨੂੰ 'ਪਦਮ ਸ਼੍ਰੀ' (1958) ਨਾਲ ਨਵਾਜਿਆ ਗਿਆ। ਸਿਰਫ਼ ਇਹੋ ਨਹੀਂ, ਉਹ ਰਾਜਸਭਾ ਵਿੱਚ ਨਾਮਜ਼ਦ ਹੋਣ ਵਾਲੀ ਪਹਿਲੀ ਐਕਟਰੈਸ (1980) ਵੀ ਸੀ। ਉਹਨੇ ਹਰ ਥਾਂ ਆਪਣਾ ਨਾਂ ਬਣਾਇਆ। ਫ਼ਿਲਮ ਕਰੀਅਰ ਵਿੱਚ ਨਰਗਿਸ ਨੇ 'ਮਦਰ ਇੰਡੀਆ' ਸਮੇਤ ਕਈ ਹਿੱਟ ਫ਼ਿਲਮਾਂ ਦਿੱਤੀਆਂ, ਜਿਨ੍ਹਾਂ ਵਿੱਚ 'ਆਗ' (1948), 'ਮੇਲਾ' (1948), 'ਬਰਸਾਤ' (1949), 'ਅੰਦਾਜ਼' (1949), 'ਬਾਬੁਲ' (1950), 'ਆਵਾਰਾ' (1951), 'ਦੀਦਾਰ' (1951), 'ਆਹ' (1953), 'ਸ਼੍ਰੀ 420' (1955), 'ਚੋਰੀ ਚੋਰੀ' (1956), 'ਰਾਤ ਔਰ ਦਿਨ' (1967) ਆਦਿ ਦੇ ਨਾਂ ਉਲੇਖਯੋਗ ਹਨ। ਉਹ ਕਰੀਬ ਤਿੰਨ ਦਹਾਕੇ ਹਿੰਦੀ ਸਿਨੇਮਾ ਵਿੱਚ ਸਕ੍ਰਿਅ ਰਹੀ।

ਅਭਿਨੈ ਛੱਡਣ ਪਿੱਛੋਂ ਉਹ ਸਮਾਜਕ ਕੰਮਾਂ ਵਿੱਚ ਜੁਟ ਗਈ ਅਤੇ ਆਪਣੇ ਪਤੀ ਸੁਨੀਲ ਦੱਤ ਨਾਲ 'ਅਜੰਤਾ ਆਰਟਸ ਕਲਚਰਲ ਗਰੁਪ' ਦੀ ਸਥਾਪਨਾ ਕੀਤੀ। ਇਹ ਗਰੁਪ ਸੀਮਾਵਾਂ ਤੇ ਜਾ ਕੇ ਜਵਾਨਾਂ ਦੇ ਮਨੋਰੰਜਨ ਲਈ ਸਟੇਜ ਸ਼ੋਅ ਕਰਦਾ ਸੀ। ਇਸਤੋਂ ਬਿਨਾਂ ਉਹ 'ਸਪਾਸਟਿਕ ਸੋਸਾਇਟੀ ਆਫ਼ ਇੰਡੀਆ' ਨਾਲ ਵੀ ਸੰਬੰਧਿਤ ਰਹੀ।

ਨਰਗਿਸ ਨੂੰ ਫ਼ਿਲਮਾਂ ਵਿੱਚ ਅਭਿਨੈ ਲਈ 'ਫ਼ਿਲਮਫ਼ੇਅਰ ਸਰਵਸ੍ਰੇਸ਼ਟ ਅਭਿਨੇਤਰੀ ਪੁਰਸਕਾਰ' (1957, ਮਦਰ ਇੰਡੀਆ), 'ਸਰਵਸ੍ਰੇਸ਼ਟ ਅਭਿਨੇਤਰੀ ਪੁਰਸਕਾਰ' (1958, ਕਾਰਲੋਵੀ ਵੇਰੀ ਅੰਤਰਰਾਸ਼ਟਰੀ ਫ਼ਿਲਮ ਮਹੋਤਸਵ), 'ਸਰਵਸ੍ਰੇਸ਼ਟ ਅਭਿਨੇਤਰੀ ਪੁਰਸਕਾਰ' (1968, ਰਾਤ ਔਰ ਦਿਨ) ਆਦਿ ਪ੍ਰਾਪਤ ਹੋਏ। ਰਾਜਸਭਾ ਲਈ ਨਾਮਜ਼ਦ (1980) ਹੋਣ ਪਿੱਛੋਂ ਉਹ ਆਪਣਾ ਕਾਰਜਕਾਲ ਵੀ ਪੂਰਾ ਨਾ ਕਰ ਸਕੀ ਅਤੇ ਸਿਰਫ਼ 51 ਸਾਲ ਦੀ ਉਮਰ ਵਿੱਚ 3 ਮਈ 1981 ਨੂੰ ਕਾਲਵੱਸ ਹੋ ਗਈ।

ਉਸਦੀ ਯਾਦ ਵਿੱਚ 'ਨਰਗਿਸ ਦੱਤ ਮੈਮੋਰੀਅਲ ਕੈਂਸਰ ਫ਼ਾਊਂਡੇਸ਼ਨ' (1982) ਦੀ ਸਥਾਪਨਾ ਕੀਤੀ ਗਈ, ਮੁੰਬਈ 'ਚ ਬਾਂਦਰਾ ਵਿਖੇ ਉਹਦੇ ਨਾਂ ਤੇ ਇੱਕ ਸੜਕ ਹੈ, ਹਰ ਸਾਲ ਹੋਣ ਵਾਲੇ ਰਾਸ਼ਟਰੀ ਫ਼ਿਲਮ ਪੁਰਸਕਾਰਾਂ ਵਿੱਚ ਰਾਸ਼ਟਰੀ ਏਕਤਾ ਤੇ ਬਣੀ ਸਰਵਸ੍ਰੇਸ਼ਟ ਫ਼ਿਲਮ ਨੂੰ 'ਨਰਗਿਸ ਦੱਤ ਪੁਰਸਕਾਰ' ਦਿੱਤਾ ਜਾਂਦਾ ਹੈ। ਫ਼ਿਲਮੀ ਦੁਨੀਆਂ ਵਿੱਚ ਇਸ ਮਹਾਨ ਅਭਿਨੇਤਰੀ ਦਾ ਨਾਂ ਹਮੇਸ਼ਾ ਜ਼ਿੰਦਾ ਰਹੇਗਾ!

SUNSHINE AUTO CARE INC.
WE REPAIR ALL MAKES & MODELS. AUTO, DIESEL TRUCK & TRAILERS
- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS
hablamos español
We Speak English, Spanish & Punjabi
We Provide Towing & 24/7 Mobile Road Services For All Autos, Trucks & Trailers
Open Monday to Saturday
Com-Check
T-Check
EFS Check
ACCEPTED HERE
VISA MasterCard AMERICAN EXPRESS DISCOVER NETWORK





1003 Moffat Blvd,
Manteca CA 95336
209-239-1551





RE/MAX®
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


Star India
SWEETS AND CATERING
VEG AND NON-VEG
Entrees
DESSERTS
APPETIZERS
BEVERAGES
SIDES ETC.
RENOWNED CHEFS
HIGH QUALITY INGREDIENTS
ਵਿਆਹ - ਸ਼ਾਦੀਆਂ ਜਾਂ ਪਾਰਟੀਆਂ ਲਈ 2000 ਬੰਦਿਆਂ ਦੀ ਕੇਟਰਿੰਗ ਦਾ ਵੀ ਖਾਸ ਪ੍ਰਬੰਧ
ਦੇਸੀ ਘੀ ਦੀਆਂ ਸਵਾਦਿਸ਼ਟ ਤੇ ਤਾਜ਼ੀਆਂ ਮਠਿਆਈਆਂ ਖ਼ਾਸ ਮੌਕਿਆਂ ਲਈ
ORDERS ਤੇ ਕਰਵਾਓ ਤਿਆਰ
DINE IN AND TO GO ORDERS ALSO AVAILABLE
ਹਫ਼ਤੇ ਦੇ 7 ਤੇ ਦਿਨ ਖੁੱਲਾ : 10am-9pm
PHONE NUMBER:
(209) 629-8511, (209)858-1380
CELL ( ASHOK VERMA) (209) 681-5171
Address :- 209 E Louise Ave, Lathrop, CA , 95330


SAN MARCO TEEYAN BAY POINT
PROUDLY PRESENTS ( NONPROFIT)
7TH ANNUAL WOMENS FESTIWAL
FETURING : GIDHA, DANCE, SKITS, SONGS, LIVE DJ AND MUCH MORE
San marco Teeyan
SINGER
JASPINDER RAINA
HOST
JOT RANJIT
ON SUNDAY JULY 14TH 2024
@MEHRAN BANQUET HALL 12 PM TO 6 PM
3841 RAILROAD AVE, PITTSBURG, CA 94565
PHOTO & VIDEOGRAPHY BY
PAL FILMS
REFFEL DRAWING FOR GOLD ITEM
AND MORE PRIZES
Free Entry
Free Parking
GRAND SPONSOR
CHINNA JEWELERS
FOR MORE INFO & PARTICIPATION CALL
SONIA WALIA
925-565-6058
PARAMJIT NOKWAL
925-323-2523
HARPREET SUTTI
925-465-3414

### ਕਾਵਿ ਵਿਅੰਗ

# ਗਰਮੀ ਦਾ ਪ੍ਰਕੋਪ

ਏਸੀਆਂ ਨੇ ਗਰਮੀ ਹੋਰ ਕਰਤੀ,
ਹਰ ਪਾਸੇ ਮਾਰੇ ਤਪਾੜ ਮੀਆਂ।
ਨਿੱਤ ਨਿੱਤ ਸੂਰਜ ਦਾ ਭੱਠ ਤਪਦਾ,
ਚੜਿਆ ਜਦੋ ਤੋ ਜੇਠ, ਹਾੜ ਮੀਆਂ।
ਝੱਗਾ ਆਪਣਾ ਨਾ ਪਿੰਡੇ ਨਾਲ ਲੱਗੇ,
ਦਿੱਤਾ ਗਰਮੀ ਕੇੜਾ ਚਾੜ ਮੀਆਂ।
ਕੰਧਾਂ ਤੱਤੀਆਂ ਵਿੱਚੋਂ ਦੀ ਸੇਕ ਮਾਰੇ,
ਭਾਵੇਂ ਰੋਟੀਆਂ ਲ਼ੈ ਤੂੰ ਰਾੜ ਮੀਆਂ।
ਪੱਤੋ, ਗਰਮੀ ਦਾ ਪਾਰਾ ਰੋਜ਼ ਚੜਦਾ,
ਪੱਖੀ ਝੱਲਦਾ ਬੈਠਾ ਕਰਾੜ ਮੀਆਂ।





SANJHI SOCH
ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417

# ਹਕੀਕਤ

*-10 ਅਕਤੂਬਰ 1947 ਨੂੰ ਨਹਿਰੂ ਵੱਲੋਂ ਲਿਖਤੀ ਗੁਪਤ ਪੱਤਰ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਭੇਜਿਆ ਗਿਆ ਕਿ ਸਿਖ ਕੌਮ ਜਰਾਇਮ ਪੇਸ਼ਾ ਹੋਣ ਕਾਰਨ, ਰਾਜ ਦੇ ਪੂਰੇ ਸ਼ਹਿਰੀ ਹੱਕ ਤੇ ਰਿਆਇਤਾਂ ਮਾਨਣ ਦੀ ਹਕਦਾਰ ਨਹੀਂ ਹੈ ਇਨ੍ਹਾਂ ਤੇ ਸਖਤੀ ਵਰਤੀ ਜਾਵੇ। ਅੱਜ ਵੀ ਸੈਂਟਰ ਚ ਸਰਕਾਰ ਭਾਵੇਂ ਕੋਈ ਵੀ ਹੋਵੇ ਉਹ ਪੰਜਾਬ ਪ੍ਰਤੀ ਅਤੇ ਖਾਸ ਕਰਕੇ ਸਿਖ ਕੌਮ ਪ੍ਰਤੀ, ਜ਼ਬਰ ਜ਼ੁਲਮ ਬੇਇਨਸਾਫੀ ਵਾਲੀ ਨੀਤੀਤੇ ਹੀ ਚਲਦੀ ਹੈ। ਇਸੇ ਨੀਤੀ ਦੇ ਵਿਰੋਧ ਚ ਜਾਗਰੂਕ ਸਿਖ ਕੌਮੀ ਅਜ਼ਾਦੀ ਖ਼ਾਲਸਤਾਨ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੇ ਹਨ।

*-ਗਾਂਧੀ ਨਹਿਰੂ ਦੀਆਂ ਸੌਗੰਦਾਂ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਹਿੰਦੂਆਂ ਦਾ ਨਾ ਕੋਈ ਧਰਮ ਹੈ, ਨਾ ਕੋਈ ਬਚਨ ਸਗੋਂ ਧੋਖਾ ਤੇ ਫਰੇਬ ਹੀ ਇਨ੍ਹਾਂ ਦਾ ਪਰਮ ਧਰਮ ਹੈ।

*-ਸਿਖੋ ਹੁਸ਼ਿਆਰ ਖਬਰਦਾਰ, ਸਿਖ ਧਰਮ, ਸਿਖ ਸਮਾਜ, ਸਿਖ ਸਭਿਆਚਾਰ, ਸਿਖ ਵਿਰਸਾ, ਸਿਖ ਸੰਘਰਸ਼, ਸਿਖ ਏਕਤਾ ਨੂੰ ਤਾਰ ਪੀਡੋ ਕਰਨ ਲਈ, ਜੜ੍ਹਾਂ ਵੱਢਣ ਲਈ, ਹਿੰਦੂ ਰਾਸ਼ਟਰਵਾਦੀਆਂ ਨੇ 1947 ਤੋਂ ਅੱਜ ਤੱਕ ਕਰੋੜਾਂ ਰੂਪਏ ਖਰਚ ਕੀਤੇ ਅਤੇ ਖਰਚ ਕਰ ਰਹੇ ਹਨ।

*-ਸਿਖਾਂ ਨੇ ਮੋਰਚੇ ਲਾਏ, ਸ਼ਹੀਦੀਆਂ ਦਿੱਤੀਆਂ, ਲਾਠੀਆਂ ਖਾਂਧੀਆਂ, ਗੋਲੀਆਂ ਖਾਧੀਆਂ, ਗ੍ਰਿਫਤਾਰੀਆਂ ਦਿੱਤੀਆਂ, ਸਿਖਾਂ ਦਾ ਲੱਕ ਤੋੜਨ ਲਈ ਪੰਜਾਬ ਦੇ ਬਹੁਤ ਸਾਰੇ ਪੰਜਾਬੀ ਬੋਲਦੇ ਇਲਾਕੇ ਹਰਿਆਣਵੀਆਂ ਤੇ ਹਿਮਾਚਲੀਆਂ ਨੂੰ ਦੇ ਦਿੱਤੇ। ਡਲਹੌਜ਼ੀ ਪੰਜਾਬ ਤੋਂ ਖੋਹ ਕੇ ਹਿਮਾਚਲ ਨੂੰ ਦੇ ਦਿੱਤਾ। ਮੋਰਨੀ ਉਸ ਤੋਂ ਵੀ ਉੱਚਾ ਇਲਾਕਾ ਹਰਿਆਣੇ ਨੂੰ ਦਿੱਤਾ ਗਿਆ। ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਖੋਹ ਕੇ ਆਪ ਮਾਲਕ ਬਣ ਬੈਠੇ ਤੇ ਮਾਲਕ ਨੂੰ ਕਿਰਾਏਦਾਰ ਬਣਾ ਦਿੱਤਾ। ਬਿਜਲੀ ਤੇ ਪਾਣੀ ਦੇ ਮਾਲਕ ਵੀ ਆਪ ਬਣ ਬੈਠੇ। ਮਕਾਰ ਹਿੰਦੂ ਸਾਮਰਾਜ ਨੇ ਪੈਰ ਪੈਰ ਤੇ ਝੂਠ ਫਰੇਬ ਅਤੇ ਝੂਠੀਆਂ ਸੌਗੰਦਾਂ ਖਾ ਕੇ ਸਿਖ ਕੌਮ ਨਾਲ ਵਿਸਾਹਘਾਤ ਕੀਤਾ।



Paramjit Singh Sekhon (Dakha)
President, Dal Khalsa Alliance
1700 Shattuck Ave, # 303 Berkeley
CA 94709. (510)774 5909.
A Nonprofit Organization Dedicated to Public Awareness

LARRY T. NIERMEYER
Attorney at Law



OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com